ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 17 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੬ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਟੂਰਿਜ਼ਮ ਮੇਲੇ ਦਾ ਉਦਘਾਟਨ ਕਰਦੇ ਸਮੇਂ ਵਾਪਰਿਆ ਹਾਦਸਾ, ਬੁਰੀ ਤਰ੍ਹਾਂ ਝੁਲਸੇ ਡਿਪਟੀ ਪ੍ਰਧਾਨ ਮੰਤਰੀ



**ਕਾਠਮੰਡੂ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੇ ਉਪ ਪ੍ਰਧਾਨ ਮੰਤਰੀ ਅਤੇ ਵਿੱਤ ਮੰਤਰੀ ਬਿਸ਼ਨੂ ਪ੍ਰਸਾਦ ਪੌਡੇਲ ਨੂੰ ਇੱਕ ਟੂਰਿਜ਼ਮ ਮੇਲੇ ਦੇ ਉਦਘਾਟਨ ਦੌਰਾਨ ਝੁਲਸ ਗਏ ਅਤੇ ਉਨ੍ਹਾਂ ਨੂੰ ਕਾਠਮੰਡੂ ਲਿਆਂਦਾ ਗਿਆ। ਪੌਡੇਲ ਅਤੇ ਪੋਖਰਾ ਦੇ ਮੇਅਰ ਧਨਰਾਜ ਆਚਾਰੀਆ 'ਪੋਖਰਾ ਟੂਰਿਸਟ ਈਅਰ' ਦੇ ਉਦਘਾਟਨ ਮੌਕੇ ਮੋਮਬੱਤੀਆਂ ਜਗਾਉਣ ਸਮੇਂ ਹਾਈਡ੍ਰੋਜਨ ਨਾਲ ਭਰੇ ਗੁਬਾਰਿਆਂ ਨੂੰ ਅੱਗ ਲੱਗਣ ਕਾਰਨ ਝੁਲਸ ਗਏ। ਇਸ ਟੂਰਿਜ਼ਮ ਮੇਲੇ ਦਾ ਉਦੇਸ਼ 2025 ਵਿੱਚ 20 ਲੱਖ ਸੈਲਾਨੀਆਂ ਨੂੰ ਆਕਰਸ਼ਿਤ ਕਰਨਾ ਹੈ। ਮੇਅਰ ਦੇ ਨਿੱਜੀ ਸਕੱਤਰ ਪੁਨ ਲਾਮਾ ਨੇ ਮੁਤਾਬਕ ਪੌਡੇਲ ਦੇ ਸਿਰ ਅਤੇ ਹੱਥ ਝੁਲਸ ਗਏ ਹਨ, ਜਦੋਂ ਕਿ ਆਚਾਰੀਆ ਦੇ ਚਿਹਰੇ 'ਤੇ ਜਲਣ ਦੇ ਨਿਸ਼ਾਨ ਹਨ। ਲਾਮਾ ਨੇ ਕਿਹਾ ਕਿ ਪੋਖਰਾ ਦੇ ਇੱਕ ਹਸਪਤਾਲ ਵਿੱਚ ਮੁੱਢਲੀ ਸਹਾਇਤਾ ਤੋਂ ਬਾਅਦ, ਦੋਵਾਂ ਨੂੰ ਹੋਰ ਇਲਾਜ ਲਈ ਸਿਮਰਿਕ ਏਅਰ ਹੈਲੀਕਾਪਟਰ ਰਾਹੀਂ ਕਾਠਮੰਡੂ ਦੇ ਕੀਰਤੀਪੁਰ ਬਰਨ ਹਸਪਤਾਲ ਲਿਆਂਦਾ ਗਿਆ। ਲਾਮਾ ਨੇ ਕਿਹਾ ਕਿ ਦੋਵਾਂ ਦੀ ਹਾਲਤ ਖ਼ਤਰੇ ਤੋਂ ਬਾਹਰ ਹੈ।

## ਦੇਸ਼ ਨਿਕਾਲਾ ਦਿੱਤੇ ਭਾਰਤੀਆਂ ਦੀ ਡਿਪੋਰਟਿੰਗ ਲਗਾਤਾਰ ਜਾਰੀ

# ਅੰਮ੍ਰਿਤਸਰ ਲੈਂਡ ਹੋਇਆ ਤੀਜ਼ਾ ਅਮਰੀਕੀ ਜਹਾਜ਼

**ਅੰਮ੍ਰਿਤਸਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਫੌਜੀ ਟਰਾਂਸਪੋਰਟ ਜਹਾਜ਼ ਸੀ-17 ਗਲੋਬਮਾਸਟਰ 999 ਲਗਭਗ 157 ਭਾਰਤੀ ਨਾਗਰਿਕਾਂ ਨੂੰ ਲੈ ਕੇ 16 ਫਰਵਰੀ ਨੂੰ ਵੀ ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਲੈਂਡ ਕੀਤਾ। ਇਸ ਵਿੱਚ ਪੰਜਾਬ ਦੇ 31 ਲੋਕ ਸਨ, ਜਿਨ੍ਹਾਂ 'ਚ 2 ਲੜਕੀਆਂ ਵੀ ਸ਼ਾਮਲ ਹਨ, ਜਿਨ੍ਹਾਂ 'ਚ ਅੰਮ੍ਰਿਤਸਰ ਤੋਂ ਕਿਰਨਦੀਪ ਕੌਰ ਅਤੇ ਜ਼ਿਲ੍ਹਾ ਲੁਧਿਆਣਾ ਦੀ ਸੁਖਪ੍ਰੀਤ ਕੌਰ ਸ਼ਾਮਲ ਹੈ। ਡੋਨਾਲਡ ਟਰੰਪ ਦੇ ਪਿਛਲੇ ਮਹੀਨੇ ਅਮਰੀਕੀ ਰਾਸ਼ਟਰਪਤੀ ਵਜੋਂ ਸਹੁੰ ਚੁੱਕਣ ਤੋਂ ਬਾਅਦ ਇਹ ਤੀਜਾ ਮੌਕਾ ਹੈ, ਜਦੋਂ ਭਾਰਤੀਆਂ ਨੂੰ ਦੇਸ਼ ਨਿਕਾਲਾ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਇੱਕ ਅਮਰੀਕੀ ਫੌਜੀ ਜਹਾਜ਼ ਲੰਘੇ ਦਿਨ ਯਾਨੀ 15 ਫਰਵਰੀ ਰਾਤ 11.30 ਵਜੇ ਦੇ ਕਰੀਬ 116 ਭਾਰਤੀਆਂ ਨੂੰ ਲੈ ਕੇ ਅੰਮ੍ਰਿਤਸਰ ਹਵਾਈ ਅੱਡੇ 'ਤੇ ਉਤਰਿਆ ਸੀ। ਸੂਤਰਾਂ ਅਨੁਸਾਰ, ਦੇਸ਼ ਨਿਕਾਲਾ ਦਿੱਤੇ ਗਏ ਲੋਕਾਂ ਵਿੱਚ ਪੰਜਾਬ ਤੋਂ 65, ਹਰਿਆਣਾ ਤੋਂ 33, ਗੁਜਰਾਤ ਤੋਂ ਅੱਠ, ਉੱਤਰ ਪ੍ਰਦੇਸ਼, ਗੋਆ, ਮਹਾਰਾਸ਼ਟਰ ਅਤੇ ਰਾਜਸਥਾਨ ਤੋਂ ਦੋ-ਦੋ ਅਤੇ ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਤੋਂ ਇੱਕ-ਇੱਕ ਵਿਅਕਤੀ ਸ਼ਾਮਲ ਹੈ। ਇਸ ਤੋਂ ਪਹਿਲਾਂ ਵੀ 5 ਫਰਵਰੀ ਨੂੰ 104 "ਗੈਰ-ਕਾਨੂੰਨੀ ਪ੍ਰਵਾਸੀਆਂ" ਨੂੰ ਲੈ ਕੇ ਅੰਮ੍ਰਿਤਸਰ ਪਹੁੰਚਿਆ ਸੀ। ਇਨ੍ਹਾਂ ਵਿੱਚੋਂ 33-33 ਹਰਿਆਣਾ ਅਤੇ ਗੁਜਰਾਤ ਤੋਂ ਸਨ, ਜਦੋਂ ਕਿ 30 ਪੰਜਾਬ ਤੋਂ ਸਨ। ਟਰੰਪ ਪ੍ਰਸ਼ਾਸਨ ਨੇ ਗੈਰ-ਕਾਨੂੰਨੀ ਪ੍ਰਵਾਸੀਆਂ ਵਿਰੁੱਧ ਆਪਣੀ ਕਾਰਵਾਈ ਦੇ ਹਿੱਸੇ ਵਜੋਂ ਇਨ੍ਹਾਂ ਲੋਕਾਂ ਨੂੰ ਭਾਰਤ ਦੇਸ਼ ਨਿਕਾਲਾ ਦਿੱਤਾ ਹੈ।



## ਅਮਰੀਕਾ ਤੋਂ ਡਿਪੋਰਟ ਹੋਏ ਦੋ ਪਟਿਆਲਾ ਦੇ ਨੌਜਵਾਨਾਂ ਨੂੰ ਕੀਤਾ ਪੁਲਿਸ ਨੇ ਗ੍ਰਿਫਤਾਰ

**ਰਾਜਪੁਰਾ/ਅੰਮ੍ਰਿਤਸਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਤੋਂ ਡਿਪੋਰਟ ਹੋਏ ਦੋ ਪਟਿਆਲਾ ਦੇ ਨੌਜਵਾਨਾਂ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਪੁਲਿਸ ਨੇ ਸੰਦੀਪ ਅਤੇ ਪ੍ਰਦੀਪ ਨਾਂ ਦੇ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ। ਸਭ ਤੋਂ ਹੈਰਾਨੀ ਦੀ ਗੱਲ ਇਹ ਹੈ ਕਿ ਇਹ ਦੋਵੇਂ ਭਗੌੜੇ ਸਨ ਅਤੇ ਪੁਲਿਸ ਨੂੰ ਇਨ੍ਹਾਂ ਦੀ ਕਾਫੀ ਲੰਬੇ ਸਮੇਂ ਤੋਂ ਭਾਲ ਸੀ। ਦੱਸ ਦਈਏ ਕਿ ਦੋਵੇਂ ਨੌਜਵਾਨਾਂ 'ਤੇ ਰਾਜਪੁਰਾ ਵਿੱਚ 175/23 FIR ਦੇ ਤਹਿਤ ਭਗੌੜੇ ਸਨ। ਇਨ੍ਹਾਂ 'ਤੇ ਕਤਲ ਦਾ ਮਾਮਲਾ ਦਰਜ ਹੋਇਆ ਪਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਰਾਜਪੁਰਾ ਮਾਨਯੋਗ ਅਦਾਲਤ ਵਿੱਚ ਸੰਦੀਪ ਸਿੰਘ ਅਤੇ ਪ੍ਰਦੀਪ ਸਿੰਘ ਨੂੰ ਰਾਜਪੁਰਾ ਦੀ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਥਾਣਾ ਸਿਟੀ ਰਾਜਪੁਰਾ ਦੀ ਪੁਲਿਸ ਨੇ ਤਿੰਨ ਦਿਨ ਦਾ ਰਿਮਾਂਡ ਹਾਸਲ ਕੀਤਾ ਹੈ,ਦੱਸ ਦਈਏ ਕਿ ਮਾਪਿਆਂ ਨੂੰ ਨੌਜਵਾਨਾਂ ਦੇ ਨਾਲ ਮਿਲਣ ਨਹੀਂ ਦਿੱਤਾ ਗਿਆ ਹੈ। ਪਰਿਵਾਰ ਦਾ ਰੋ ਰੋ ਬੁਰਾ ਹਾਲ ਹੋਇਆ ਪਿਆ ਹੈ। ਰਮਨਦੀਪ ਕੌਰ ਮਾਤਾ ਨੇ ਦੱਸਿਆ ਕਿ ਮੇਰਾ ਬੇਟਾ ਬੇਕਸੂਰ ਹੈ ਪੁਲਿਸ ਨੇ ਨਜਾਇਜ਼ ਪਰਚਾ ਕੀਤਾ ਹੈ ਹੁਣ ਸਾਨੂੰ ਇਹ ਮਿਲਣ ਵੀ ਨਹੀਂ ਦਿੰਦੇ। ਪ੍ਰਦੀਪ ਸਿੰਘ ਦੀ ਮਾਤਾ ਰਾਜ ਕੌਰ ਨੇ ਰੋਂਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਉਸਦੇ ਪੁੱਤ ਨਾਲ ਇੱਕ ਵਾਰ ਮਿਲਵਾਇਆ ਜਾਵੇ। ਪੁਲਿਸ ਉਹਨਾਂ ਦੇ ਬੱਚਿਆਂ ਨੂੰ ਲੈ ਕੇ ਫਰਾਰ ਹੋ ਗਈ।



## ਅਮਰੀਕਾ ਵੱਲੋਂ ਨੰਗੇ ਸਿਰ ਡਿਪੋਰਟ ਕੀਤੇ ਸਿੱਖ ਨੌਜਵਾਨਾਂ ਨੂੰ ਸ਼੍ਰੋਮਣੀ ਕਮੇਟੀ ਨੇ ਦਿੱਤੀਆਂ ਦਸਤਾਰਾਂ

**ਅੰਮ੍ਰਿਤਸਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਵਲੋਂ ਡਿਪੋਰਟ ਕੀਤੇ ਗਏ ਭਾਰਤੀਆਂ ਨੂੰ ਲੈ ਕੇ ਦੂਜਾ ਅਮਰੀਕੀ ਜਹਾਜ਼ ਸ਼ਨੀਵਾਰ ਦੇਰ ਰਾਤ 11.45 ਵਜੇ ਅੰਮ੍ਰਿਤਸਰ ਦੇ ਅੰਤਰਰਾਸ਼ਟਰੀ ਸ੍ਰੀ ਗੁਰੂ ਰਾਮਦਾਸ ਏਅਰਪੋਰਟ 'ਤੇ ਉਤਰਿਆ। ਇਸ ਜਹਾਜ਼ 'ਚ ਕੁੱਲ 119 ਭਾਰਤੀ ਬਾਹਰ ਆਏ, ਜਿਨ੍ਹਾਂ 'ਚੋਂ ਪੰਜਾਬ ਦੇ 67 ਵਿਅਕਤੀ ਸ਼ਾਮਲ ਸਨ। ਅਮਰੀਕਾ ਤੋਂ ਡਿਪੋਰਟ ਕੀਤੇ ਗਏ ਇਨ੍ਹਾਂ ਲੋਕਾਂ ਦੀ ਇਕ ਤਸਵੀਰ ਸਾਹਮਣੇ ਆਈ ਹੈ। ਜਿਸ ਵਿੱਚ ਟਰਮੀਨਲ 'ਤੇ ਉਤਰਨ ਵਾਲੇ ਸਿੱਖ ਨੌਜਵਾਨਾਂ ਨੇ ਸਿਰਾਂ 'ਤੇ ਪੱਗਾਂ ਨਹੀਂ ਬੰਨ੍ਹੀਆਂ ਹੋਈਆਂ ਸਨ। ਉਨ੍ਹਾਂ ਨੂੰ ਹਵਾਈ ਅੱਡੇ 'ਤੇ ਨੰਗੇ ਸਿਰ ਉਤਾਰ ਦਿੱਤਾ ਗਿਆ। ਉਨ੍ਹਾਂ ਵਿੱਚੋਂ ਕੁਝ ਉੱਚੀ-ਉੱਚੀ ਰੋ ਰਹੇ ਸਨ। ਜਿਸ ਤੋਂ ਬਾਅਦ ਐੱਸਜੀਪੀਸੀ ਵੱਲੋਂ ਉਨ੍ਹਾਂ ਨੂੰ ਦਸਤਾਰਾਂ ਦਿੱਤੀਆਂ ਗਈਆਂ। ਐੱਸਜੀਪੀਸੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਮੈਨੂੰ ਰਾਤ ਨੂੰ 12 ਵਜੇ ਦੇ ਕਰੀਬ ਇਕ ਫੋਨ ਆਇਆ ਜਿਸ ਵਿਚ ਕਾਲ ਕਰਨ ਵਾਲੇ ਨੇ ਕਿਹਾ ਕਿ ਅਮਰੀਕਾ ਤੋਂ ਜੋ ਸਿੱਖ ਨੌਜਵਾਨ ਡਿਪੋਰਟ ਹੋ ਕੇ ਆਏ ਹਨ, ਉਨ੍ਹਾਂ ਦੇ ਸਿਰਾਂ 'ਤੇ ਦਸਤਾਰਾਂ ਨਹੀਂ ਹਨ। ਫਿਰ ਅੰਮ੍ਰਿਤਸਰ ਏਅਰਪੋਰਟ 'ਤੇ ਤਾਇਨਾਤ ਐੱਸਜੀਪੀਸੀ ਦੇ ਅਧਿਕਾਰੀਆਂ ਨੇ ਏਅਰਪੋਰਟ ਦੀ ਫੋਰਸ ਦੇ ਸਹਿਯੋਗ ਨਾਲ ਨੰਗੇ ਸਿਰ ਡਿਪੋਰਟ ਹੋਏ ਸਿੱਖ ਨੌਜਵਾਨਾਂ ਨੂੰ ਦਸਤਾਰਾਂ ਦਿੱਤੀਆਂ। ਅਮਰੀਕਾ ਵੱਲੋਂ ਲਗਾਤਾਰ ਸਖ਼ਤੀ ਵਰਤੀ ਜਾ ਰਹੀ ਹੈ। ਦੱਸ ਦੇਈਏ ਕਿ ਅਮਰੀਕਾ 'ਚੋਂ ਗੈਰ- ਕਾਨੂੰਨੀ ਤਰੀਕੇ ਨਾਲ ਰਹਿ ਰਹੇ ਭਾਰਤੀਆਂ ਹੀ ਨਹੀਂ ਸਗੋਂ ਕਈ ਹੋਰ ਮੁਲਕਾਂ ਦੇ ਲੋਕਾਂ ਨੂੰ ਵੀ ਡਿਪੋਰਟ ਕਰਕੇ ਉਨ੍ਹਾਂ ਦੇ ਮੁਲਕ ਭੇਜਿਆ ਜਾ ਰਿਹਾ ਹੈ।



## ਅਮਰੀਕਾ ਤੋਂ ਡਿਪੋਰਟ ਹੋਏ ਨੌਜਵਾਨਾਂ ਨੂੰ ਲੈ ਮੱਚੀ ਹਲਚਲ

### ਪੰਜਾਬ ਸਰਕਾਰ ਏਜੰਟਾਂ ਅਤੇ ਇਮੀਗ੍ਰੇਸ਼ਨ ਮਾਲਕਾਂ ਵਿਰੁੱਧ ਹੋਈ ਸਖ਼ਤ

**ਚੰਡੀਗੜ੍ਹ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਤੋਂ ਦੇਸ਼ ਨਿਕਾਲਾ ਦਿੱਤੇ ਗਏ ਭਾਰਤੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਸੁਪਨੇ ਇਸ ਤਰ੍ਹਾਂ ਚਕਨਾਚੂਰ ਹੋ ਗਏ ਹਨ ਕਿ ਉਨ੍ਹਾਂ ਦਾ ਭਵਿੱਖ ਧੁੰਦਲਾ ਦਿਖਾਈ ਦੇ ਰਿਹਾ ਹੈ ਕਿਉਂਕਿ ਪਰਿਵਾਰਾਂ ਨੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜਣ ਲਈ ਆਪਣੀ ਜਾਇਦਾਦ, ਬੱਚਤ, ਕਰਜ਼ੇ ਅਤੇ ਇੱਥੋਂ ਤੱਕ ਕਿ ਗਹਿਣੇ ਵੀ ਗਿਰਵੀ ਰੱਖ ਦਿੱਤੇ ਹਨ। ਅਜਿਹੀ ਸਥਿਤੀ ਵਿੱਚ, ਲੋਕਾਂ ਨੂੰ ਵਿਦੇਸ਼ ਭੇਜਣ ਵਾਲੇ ਟ੍ਰੈਵਲ ਏਜੰਟ ਜਾਂ ਹੋਰ ਗੈਰ-ਕਾਨੂੰਨੀ ਇਮੀਗ੍ਰੇਸ਼ਨ ਮਾਲਕ ਧੋਖਾਧੜੀ ਰਾਹੀਂ ਆਲੀਸ਼ਾਨ ਜ਼ਿੰਦਗੀ ਜੀ ਰਹੇ ਹਨ। ਏਜੰਟਾਂ ਅਤੇ ਇਮੀਗ੍ਰੇਸ਼ਨ ਮਾਲਕਾਂ ਨੇ ਪੰਜਾਬ ਵਿੱਚ ਲੋਕਾਂ ਨਾਲ ਧੋਖਾ ਕਰਨ ਲਈ ਆਪਣਾ ਜਾਲ ਵਿਛਾ ਦਿੱਤਾ ਹੈ। ਇਸ ਸਬੰਧੀ ਪੰਜਾਬ ਸਰਕਾਰ ਐਕਸ਼ਨ ਮੋਡ ਵਿੱਚ ਦਿਖਾਈ ਦੇ ਰਹੀ ਹੈ ਅਤੇ ਸਖ਼ਤ ਕਦਮ ਚੁੱਕਣ ਜਾ ਰਹੀ ਹੈ। ਸੂਬਾ ਸਰਕਾਰ ਨੇ ਨਸ਼ਾ ਤਸਕਰਾਂ ਦੀ ਤਰਜ਼ 'ਤੇ, ਹੁਣ ਏਜੰਟਾਂ ਅਤੇ ਇਮੀਗ੍ਰੇਸ਼ਨ ਮਾਲਕਾਂ ਦੀਆਂ ਜਾਇਦਾਦਾਂ ਨੂੰ ਸੀਲ ਕਰਨ ਦਾ ਫੈਸਲਾ ਕੀਤਾ ਹੈ, ਜਿਸ ਲਈ ਇੱਕ ਵਿਸ਼ੇਸ਼ ਕਾਰਵਾਈ ਚਲਾਈ ਜਾ ਰਹੀ ਹੈ। ਸਰਕਾਰ ਨੇ ਪੁਲਿਸ ਵਿਭਾਗ ਨੂੰ ਟ੍ਰੈਵਲ ਏਜੰਟਾਂ ਦੀ ਸੂਚੀ ਤਿਆਰ ਕਰਨ ਅਤੇ ਲੋਕਾਂ ਨਾਲ ਧੋਖਾਧੜੀ ਕਰਕੇ ਉਨ੍ਹਾਂ ਦੁਆਰਾ ਹਾਸਲ ਕੀਤੀ ਜਾਇਦਾਦ ਨੂੰ ਜ਼ਬਤ ਕਰਨ ਦੇ ਹੁਕਮ ਜਾਰੀ ਕੀਤੇ ਹਨ। ਪੰਜਾਬ ਵਿੱਚ 3200 ਤੋਂ ਵੱਧ ਟ੍ਰੈਵਲ ਏਜੰਟਾਂ ਵਿਰੁੱਧ ਲੁੱਕ ਆਊਟ ਨੋਟਿਸ ਵੀ ਜਾਰੀ ਕੀਤੇ ਗਏ ਹਨ। ਤੁਹਾਨੂੰ ਦੱਸ ਦੇਈਏ ਕਿ ਇਨ੍ਹਾਂ ਏਜੰਟਾਂ ਨੇ ਲੋਕਾਂ ਨੂੰ ਵਿਦੇਸ਼ ਭੇਜਣ ਦੇ ਸੁਪਨੇ ਦਿਖਾ ਕੇ ਲੱਖਾਂ ਰੁਪਏ ਲਏ ਹਨ ਪਰ ਨਾ ਤਾਂ ਲੋਕਾਂ ਨੂੰ ਵਿਦੇਸ਼ ਭੇਜਿਆ ਗਿਆ ਅਤੇ ਨਾ ਹੀ ਪੈਸੇ ਵਾਪਸ ਕੀਤੇ ਗਏ। ਪੰਜਾਬ ਵਿੱਚ ਜਲੰਧਰ, ਅੰਮ੍ਰਿਤਸਰ, ਕਪੂਰਥਲਾ, ਲੁਧਿਆਣਾ, ਪਟਿਆਲਾ, ਬਠਿੰਡਾ, ਮੋਗਾ, ਨਵਾਂਸ਼ਹਿਰ, ਰੋਪੜ, ਸੰਗਰੂਰ, ਮੋਹਾਲੀ ਜ਼ਿਲ੍ਹੇ ਸ਼ਾਮਲ ਹਨ ਜਿੱਥੇ ਲੋਕ ਇਮੀਗ੍ਰੇਸ਼ਨ ਦੇ ਨਾਮ 'ਤੇ ਆਪਣਾ ਗੈਰ-ਕਾਨੂੰਨੀ ਕਾਰੋਬਾਰ ਚਲਾਉਂਦੇ ਹਨ। ਇਸ ਦੇ ਨਾਲ ਹੀ, ਇਮੀਗ੍ਰੇਸ਼ਨ ਅਤੇ ਟ੍ਰੈਵਲ ਏਜੰਟਾਂ ਵਜੋਂ ਕੰਮ ਕਰਨ ਵਾਲੇ ਲੋਕਾਂ ਦੀ ਗਿਣਤੀ 3200 ਤੋਂ ਵੱਧ ਹੋਣ ਦਾ ਖੁਲਾਸਾ ਹੋਇਆ ਹੈ, ਜਿਨ੍ਹਾਂ ਵਿੱਚੋਂ 700 ਤੋਂ ਵੱਧ ਲੋਕਾਂ ਦੀ ਪਛਾਣ ਕੀਤੀ ਗਈ ਹੈ। ਇਨ੍ਹਾਂ ਲੋਕਾਂ ਦਾ ਕਿਤੇ ਵੀ ਕੋਈ ਦਫ਼ਤਰ ਨਹੀਂ ਹੈ। ਇਹ ਲੋਕ ਗਾਹਕਾਂ ਨੂੰ ਸਿਰਫ਼ ਏਜੰਟਾਂ ਵਜੋਂ ਹੀ ਲੱਭਦੇ ਹਨ। ਉਹ ਅਜਿਹੇ ਗਾਹਕਾਂ ਨੂੰ ਧੋਖਾਧੜੀ ਵਾਲੇ ਤਰੀਕਿਆਂ ਨਾਲ ਵਿਦੇਸ਼ ਭੇਜ ਕੇ ਅਤੇ ਗੈਰ-ਕਾਨੂੰਨੀ ਦਸਤਾਵੇਜ਼ ਤਿਆਰ ਕਰਕੇ ਲੱਖਾਂ ਰੁਪਏ ਦੀ ਠੱਗੀ ਮਾਰਦੇ ਹਨ।



## ਡਿਪੋਰਟ ਨੌਜਵਾਨਾਂ ਦੇ ਹੱਕ 'ਚ ਆਏ ਗਿਆਨੀ ਹਰਪ੍ਰੀਤ ਸਿੰਘ

### ਕਿਹਾ ਕੇਵਲ ਹਮਦਰਦੀ ਕਾਫੀ ਨਹੀਂ, ਡਿਪੋਰਟ ਨੌਜਵਾਨਾਂ ਦੇ ਮੁੜ ਵਸੇਬੇ ਲਈ ਯਤਨ ਆਰੰਭਣ ਸਰਕਾਰਾਂ

**ਤਲਵੰਡੀ ਸਾਬੋ, 16 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਅਮਰੀਕਾ ਚੋਂ ਲਗਾਤਾਰ ਡਿਪੋਰਟ ਕਰਕੇ ਭੇਜੇ ਜਾ ਰਹੇ ਨੌਜਵਾਨਾਂ ਦੇ ਹੱਕ 'ਚ ਆਉਦਿਆਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਅਹੁਦੇ ਤੋਂ ਹਟਾਏ ਗਏ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਹਵਾਈ ਅੱਡੇ ਤੇ ਉਤਾਰੇ ਨੌਜਵਾਨਾਂ ਨੂੰ ਗਲਵਕੜੀ ਚ ਲੈਣ ਲਈ ਪੰਜਾਬ ਦੇ ਮੁੱਖ ਮੰਤਰੀ ਅਤੇ ਇੱਕ ਕੇਂਦਰੀ ਮੰਤਰੀ ਪੁੱਜੇ ਜੋ ਚੰਗੀ ਗੱਲ ਹੈ, ਪਰ ਕੇਵਲ ਹਮਦਰਦੀ ਦਿਖਾਉਣਾ ਹੀ ਕਾਫੀ ਨਹੀ ਸਗੋਂ ਸਰਕਾਰਾਂ ਨੂੰ ਇੰਨ੍ਹਾਂ ਨੌਜਵਾਨਾਂ ਦੇ ਮੁੜ ਵਸੇਬੇ ਲਈ ਯਤਨ ਆਰੰਭਣੇ ਚਾਹੀਦੇ ਹਨ ਅੱਜ ਇੱਥੇ ਗੱਲਬਾਤ ਕਰਦਿਆਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਡਿਪੋਰਟ ਪ੍ਰਕ੍ਰਿਆ ਰਾਹੀਂ ਵਾਪਿਸ ਪੁੱਜੇ ਨੌਜਵਾਨਾਂ 'ਚੋਂ ਜ਼ਿਆਦਾਤਰ ਕਰਜ਼ਾ ਚੁੱਕ ਕੇ ਜਾਂ ਜ਼ਮੀਨਾਂ ਵੇਚ ਕੇ ਗਏ ਸਨ ਅਤੇ ਹੁਣ ਵਾਪਿਸ ਪਰਤਣ ਉਪਰੰਤ ਉਨ੍ਹਾਂ ਤੇ ਘਰ ਦਾ ਗੁਜ਼ਾਰਾ ਚਲਾਉਣ ਦੇ ਨਾਲ-ਨਾਲ ਕਰਜ਼ਾ ਉਤਾਰਨ ਦਾ ਵੀ ਦਬਾਅ ਹੋਵੇਗਾ ਅਤੇ ਅਜਿਹੇ ਵਿੱਚ ਕਈ ਵਾਰ ਇਨਸਾਨ ਦੇ ਕਦਮ ਗਲਤ ਰਸਤੇ ਵੱਲ ਚੱਲ ਪੈਂਦੇ ਹਨ ਅਤੇ ਅਜਿਹੀ ਸਥਿਤੀ ਪਰਿਵਾਰਾਂ ਲਈ ਹੀ ਨਹੀ ਸਗੋਂ ਸੂਬੇ ਲਈ ਮਾੜੀ ਹੋ ਸਕਦੀ ਹੈ, ਇਸ ਕਰਕੇ ਅੱਜ ਸਭ ਤੋਂ ਵੱਧ ਲੋੜ ਹੈ ਕਿ ਪੰਜਾਬ ਅਤੇ ਕੇਂਦਰ ਸਰਕਾਰ ਇੰਨ੍ਹਾਂ ਨੌਜਵਾਨਾਂ ਦੀ ਬਾਂਹ ਫੜੇ ਅਤੇ ਜਿੰਨ੍ਹਾਂ ਕਰਕੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਖਰਾਬ ਹੋਈਆਂ ਉਨਾਂ ਖਿਲਾਫ ਵੀ ਕਾਰਵਾਈ ਕਰੇ।ਗਿਆਨੀ ਹਰਪ੍ਰੀਤ ਸਿੰਘ ਨੇ ਗੱਲਬਾਤ ਦੌਰਾਨ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਉਸ ਬਿਆਨ ਨਾਲ ਸਹਿਮਤੀ ਪ੍ਰਗਟਾਈ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਡਿਪੋਰਟ ਸੈਂਟਰ 'ਚ ਨਾ ਬਦਲਿਆ ਜਾਵੇ।ਉਨਾਂ ਨੇ ਕੇਂਦਰ ਅਤੇ ਭਾਜਪਾ ਆਗੂਆਂ ਦੇ ਉਸ ਤਰਕ ਨੂੰ ਵੀ ਖਾਰਜ਼ ਕਰ ਦਿੱਤਾ ਜਿਸ ਰਾਹੀਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਅਮਰੀਕਾ ਤੋਂ ਨੇੜੇ ਹੋਣ ਦਾ ਹਵਾਲਾ ਦੇ ਕੇ ਉੱਥੇ ਜਹਾਜ ਉਤਾਰਨ ਨੂੰ ਸਹੀ ਦੱਸਿਆ ਜਾ ਰਿਹਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਜੇਕਰ ਸੱਚਮੁੱਚ ਸ੍ਰੀ ਅੰਮ੍ਰਿਤਸਰ ਸਾਹਿਬ ਅਮਰੀਕਾ ਤੋਂ ਨੇੜੇ ਪੈਂਦਾ ਹੈ ਤਾਂ ਮੁੱਖ ਮੰਤਰੀ ਦੀ ਮੰਗ ਮੁਤਾਬਕ ਅੰਮ੍ਰਿਤਸਰ ਸਾਹਿਬ ਤੋਂ ਅਮਰੀਕਾ/ਕੈਨੇਡਾ ਆਦਿ ਮੁਲਕਾਂ ਲਈ ਕੌਮਾਂਤਰੀ ਉਡਾਨਾਂ ਨੂੰ ਪ੍ਰਵਾਨਗੀ ਦਿੱਤੀ ਜਾਣੀ ਚਾਹੀਦੀ ਹੈ।



# AWAZE QAUM TOUR & TRAVEL UK &
## SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010

# YATRA NANKANA SAHIB


WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

## RAGHBIR SINGH

Tel: +44 7976 210161


### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

CANADA. +1 647-231-1600 - USA. +1 716-342-6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰਕੀ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano
**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia
**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran
**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi
**ਗਤਕਾ ਸਿੱਖੋ** Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

# ਸਲਾਨਾ ਗੁਰਮਤਿ ਸਮਾਗਮ

# 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ - ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

## ਮਹਾਨ ਨਗਰ ਕੀਰਤਨ
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

## ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ

LIVE ON
Akaal
CHARDIKLA TIME TV
Ms Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal

ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA,ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।

ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 93560-60953



ਬੇਨਤੀ ਕਰਤਾ -
**ਜਥੇਦਾਰ ਬਲਜੀਤ ਸਿੰਘ ਦਾਦੂਵਾਲ**
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ




## ਗੁਰੂ ਰਵਿਦਾਸ ਜੀ ਨੇ ਉਤ ਜਾਤੀ ਦੇ ਹੰਕਾਰੀ ਅਤੇ

# ਈਰਖਾਵਾਦੀ ਲੋਕਾਂ ਨੂੰ ਦਿੱਤਾ ਸੀ ਚੈਲੰਜ : ਭਾਨ ਸਿੰਘ ਜੱਸੀ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਸਥਾਨਕ ਪਿੰਡ ਹਮੀਦੀ ਵਿਖੇ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿੱਚ ਸੰਗਤਾਂ ਵੱਲੋਂ ਗੁਰੂ ਰਵਿਦਾਸ ਜੀ ਦਾ ਜਨਮ ਦਿਹਾੜਾ ਬੜੇ ਉਤਸਾਹ ਨਾਲ ਮਨਾਇਆ ਗਿਆ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਮਾਜ ਸੇਵੀ , ਭਾਨ ਸਿੰਘ ਜੱਸੀ ਨੇ ਕਿਹਾ ਕਿ ਸਾਨੂੰ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਰਵਿਦਾਸ ਮਹਾਰਾਜ ਜੀ ਦੀ ਬਾਣੀ ਨੂੰ ਪੜ੍ਹਨਾ ,ਵਿਚਾਰਨਾ ਅਤੇ ਅਮਲਾਂ ਵਿੱਚ ਲਾਗੂ ਕਰਨਾ ਚਾਹੀਦਾ ਹੈ। ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕਿਹਾ ਕਿ ਗੁਰੂ ਦੀ ਬਾਣੀ ਬ੍ਰਾਹਮਣਵਾਦੀ ਸੋਚ ਦੇ ਧਾਰਨੀ ਈਰਖਾਲੂ ਅਤੇ ਹੰਕਾਰੀ ਲੋਕਾਂ ਲਈ ( ਭਾਵੇਂ ਉਹ ਕਿਸੇ ਵੀ ਜਾਤੀ ਦੇ ਹੋਣ ) ਵਿਰੁੱਧ ਵੱਡਾ ਚੈਲੇਂਜ ਹੈ, ਉਹਨਾਂ ਕਿਹਾ ਕਿ ਅਜਿਹੇ ਮਹਾਨ ਦਿਨਾਂ ਉੱਤੇ ਸਾਨੂੰ ਬੇਗਮਪੁਰੇ ਦੇ ਸਰਬੱਤ ਦੇ ਭਲੇ ਦੇ ਸੰਕਲਪ ਤੇ ਚਲਦਿਆਂ ਲੋੜਵੰਦਾਂ ਅਤੇ ਗਰੀਬ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਮੌਕੇ ਭਾਨ ਸਿੰਘ ਜੱਸੀ ਨੇ ਪਿੰਡ ਹਮੀਦੀ ਅਤੇ ਠੁੱਲੀਵਾਲ ਦੇ ਲੋੜਵੰਦ ਬਜ਼ੁਰਗਾਂ, ਭੈਣਾਂ ਅਤੇ ਬੱਚਿਆਂ ਨੂੰ ਕੰਬਲ ਸੋਲ ਅਤੇ ਜਰਸੀਆਂ ਵੰਡਣ ਦੀ ਸੇਵਾ ਕੀਤੀ, ਅੰਤ ਵਿੱਚ ਲੋਕ ਭਲਾਈ ਦੇ ਕਾਰਜ ਕਰਨ ਬਦਲੇ ਕਮੇਟੀ ਅਤੇ ਨਗਰ ਪੰਚਾਇਤ ਵੱਲੋਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਸਰੋਪਿਓ ਨਾਲ ਸਨਮਾਨਿਤ ਕੀਤਾ। ਹੋਰਨਾਂ ਤੋਂ ਇਲਾਵਾ ਸਰਪੰਚ ਓਮਨਦੀਪ ਸਿੰਘ , ਸਾਬਕਾ ਸਰਪੰਚ ਦਰਸ਼ਨ ਸਿੰਘ ਰਾਣੂ , ਸਾਬਕਾ ਸਰਪੰਚ ਸੌਦਾਗਰ ਸਿੰਘ ਚੋਪੜਾ , ਜਥੇਦਾਰ ਬਲਦੇਵ ਸਿੰਘ ਰਾਣੂ , ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂ ਏਕਮ ਸਿੰਘ ਦਿਓਲ , ਖਜਾਨਚੀ ਕੈਪਟਨ ਸੁਖਦੇਵ ਸਿੰਘ ਰਾਣੂ , ਰਣਧੀਰ ਸਿੰਘ ਧੀਰਾ , ਤੇਜਾ ਸਿੰਘ ਫੌਜੀ , ਚੌਕੀਦਾਰ ਕਾਕਾ ਸਿੰਘ ਠੁਲੀਵਾਲ , ਨੰਬਰਦਾਰ ਗੁਰਮੁਖ ਸਿੰਘ ਹਮੀਦੀ , ਹਰਪ੍ਰੀਤ ਸਿੰਘ ਹੈਪੀ , ਭੀਮ ਸਿੰਘ , ਗੁਰਜੀਤ ਸਿੰਘ ਖੁੱਡੀ ਆਦਿ ਸ਼ਖਸੀਅਤਾਂ ਸ਼ਾਮਿਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਹਮੀਦੀ ਅਤੇ ਠੁੱਲੀਵਾਲ ਵਿਖੇ ਲੋੜਵੰਦਾਂ ਨੂੰ ਕੰਬਲ ਅਤੇ ਜਰਸੀਆਂ ਵੰਡਣ ਦੀ ਕੀਤੀ ਗਈ ਸੇਵਾ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮੁੱਖ ਮੰਤਰੀ ਨੇ ਮੰਤਰੀ ਮੰਡਲ 'ਚ ਲਏ ਲੋਕ ਹਿੱਤ ਫੈਸਲੇ ਸ਼ਲਾਘਾਯੋਗ ਫੈਸਲੇ ਹਨ-ਜੱਸੀ ਸੇਖੋਂ

**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਮੰਤਰੀ ਮੰਡਲ ਦੀ ਬੈਠਕ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਚੰਡੀਗੜ੍ਹ ਵਿੱਚ ਹੋਈ ਇਸ ਬੈਠਕ ਵਿਚ ਵੱਖ ਵੱਖ ਵਿਭਾਗਾਂ ਵਿਚ ਨੌਕਰੀਆਂ ਦੀ ਭਰਤੀ ਨੂੰ ਹਰੀ ਝੰਡੀ ਦਿੱਤੀ ਗਈ ਹੈ, ਮੁਲਾਜ਼ਮਾਂ ਨੂੰ ਰਾਹਤ ਦਿੰਦਿਆਂ ਸਾਰੇ ਭੱਠੇ ਤੇ ਫੰਡਾਂ ਨੂੰ ਦੀ ਮਨਜ਼ੂਰੀ ਦਿੱਤੀ ਗਈ ਹੈ, ਮਾਨ ਸਰਕਾਰ ਦੇ ਲੋਕ ਪੱਖੀ ਫੈਸਲੇ ਸਲੰਗਾਯੋਗ ਫੈਸਲੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ, ਸਮਾਜ ਸੇਵੀ ਜਸਵੀਰ ਸਿੰਘ ਜੱਸੀ ਸੇਖੋਂ ਨੇ ਕੀਤਾ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲ ਪੰਜਾਬ ਪੁਲਿਸ, ਸਿੱਖਿਆ ਖੇਤਰ ਤੇ ਹੋਰ ਵਿਭਾਗਾਂ ਵਿਚ ਲਗਭਗ 3000 ਹਜ਼ਾਰ ਦੇ ਕਰੀਬ ਨੌਕਰੀਆਂ ਦੀ ਭਰਤੀ ਨੂੰ ਹਰੀ ਝੰਡੀ ਦੇ ਦਿੱਤੀ ਹੈ, ਨੌਜਵਾਨਾ ਨੂੰ ਰੋਜ਼ਗਾਰ ਦੇਣ ਲਈ ਪੰਜਾਬ ਸਰਕਾਰ ਹਰ ਰੋਜ਼ ਨਵੇਂ ਉਪਰਾਲੇ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਪੰਜਾਬ ਦੀ ਬਿਹਤਰੀ ਲਈ ਦਿਨ ਰਾਤ ਕੰਮ ਕਰ ਰਹੀ ਹੈ।ਇਸ ਮੌਕੇ ਪੰਚਾਇਤ ਯੂਨੀਅਨ ਦੇ ਪ੍ਰਧਾਨ ਸਰਪੰਚ ਜੱਗਾ ਭੋਜੋਵਾਲੀ, ਜਰਨਲ ਸਕੱਤਰ ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਗੋਪੀ ਮੀਮਸਾ, ਸਰਪੰਚ ਸਿਮਰਨਜੀਤ ਸਿੰਘ ਕਾਲਾ ਬਟੂਹਾ , ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਜਗਜੀਤ ਸਿੰਘ ਕੱਕੜਵਾਲ , ਸਰਪੰਚ ਬਲਵੀਰ ਸਿੰਘ ਈਸੀ,ਸਰਪੰਚ ਭਗਵਾਨ ਸਿੰਘ ਭਲਵਾਨ,ਸਰਪੰਚ ਰਵਿੰਦਰ ਕੁਮਾਰ ਰਿੰਕਾ ਹਸਨਪੁਰ , ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਕਰਮਜੀਤ ਸਿੰਘ ਭੁਲਰਹੇੜੀ, ਸਰਪੰਚ ਗੁਰਮੇਲ ਸਿੰਘ ਬੁਰਜ ਗੌਹਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਅਮਨਦੀਪ ਸਿੰਘ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਗੋਗਾ ਦੁਗਨੀ, ਸਰਪੰਚ ਡਾ ਅਮਨ ਜਾਤੀਮਾਜਰਾ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੇ ਲੋਕ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਚ ਵੀ ਆਪ ਦੇ ਉਮੀਦਵਾਰਾਂ ਦਾ ਸਾਥ ਦੇਣਗੇ-ਕਾਂਝਲਾ

ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ, ਰਣਜੋਧ ਸਿੰਘ ਕਾਂਝਲਾ ਪ੍ਰਮੁੱਖ ਉਮੀਦਵਾਰ ਜ਼ਿਲਾ ਪਰਿਸ਼ਦ ਜੋਨ ਬੇਨੜਾ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਆਮ ਆਦਮੀ ਪਾਰਟੀ ਆਉਣ ਵਾਲੀਆ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਲੜਨ ਲਈ ਪੂਰੀ ਤਰਾ ਤਿਆਰ ਬਰ ਤਿਆਰ ਹੈ। ਪੰਜਾਬ ਸਰਕਾਰ ਜਲਦੀ ਹੀ ਉਕਤ ਚੋਣਾਂ ਕਰਵਾਉਣ ਜਾ ਰਹੀ ਹੈ। ਉਨਾ ਕਿਹਾ ਕਿ ਜਿਸ ਤਰਾ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੀਆਂ ਪੰਚਾਇਤਾਂ ਬਣਾਈਆ ਹਨ, ਇਸੇ ਤਰਾ ਹੀ ਲੋਕ ਬਲਾਕ ਸੰਮਤੀ ਤੇ ਜ਼ਿਲਾ ਪ੍ਰੀਸ਼ਦ ਦੀਆ ਚੋਣਾਂ ਵਿਚ ਆਪ ਦੇ ਉਮੀਦਵਾਰਾਂ ਨੂੰ ਜਿਤਾਓਣਗੇ। ਉਨਾਂ ਇਲਾਕਾ ਵਾਸੀਆ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਸੂਬੇ ਨੂੰ ਮੁੜ ਰੰਗਲਾ ਬਣਾਉਣ ਲਈ ਮੁਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਪਨੇ ਨੂੰ ਪੂਰਾ ਕਰਦਿਆ ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ 'ਚ ਆਮ ਆਦਮੀ ਪਾਰਟੀ ਦਾ ਸਾਥ ਦੇਣ। ਇਸ ਮੌਕੇ ਉਨ੍ਹਾਂ ਦੇ ਨਾਲ ਆਪ ਆਗੂ ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਪਰਮਜੀਤ ਸਿੰਘ ਕਾਂਝਲਾ,ਬਸੰਤ ਕੁਮਾਰ ਕਾਂਝਲਾ, ਨਪਿੰਦਰ ਸਿੰਘ, ਅਜੀਤਪਾਲ ਕਾਂਝਲਾ, ਮਨਜੀਤ ਸਿੰਘ ਲੱਡਾ, ਅਵਤਾਰ ਸਿੰਘ ਫਤਿਹਗੜ੍ਹ ਛੰਨਾ, ਜਗਸੀਰ ਸਿੰਘ ਥਲੇਸਾਂ, ਬਾਬੂ ਸਿੰਘ ਅਕੋਈ ਸਾਹਿਬ, ਸਰਪੰਚ ਮੱਖਣ ਸਿੰਘ ਪੇਧਨੀ, ਬਿੱਟੂ ਖੁਰਮੀ ਪੰਚ ਪੇਧਨੀ, ਮੱਖਣ ਸਿੰਘ ਸਿੱਧੂ ਪੰਚ ਪੇਧਨੀ, ਸਰਪੰਚ ਬਿੱਲਾ ਸਾਹਿਵਾਲ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018




ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ


ਬਾਬਾ ਜੋਰਾਵਰ ਸਿੰਘ ਬਾਬਾ ਫ਼ਤਹਿ ਸਿੰਘ ਸਪੋਰਟਸ ਕਲੱਬ, ਸ਼ਹੀਦ ਬਾਬਾ ਨੌਧ ਸਿੰਘ ਸਪੋਰਟਸ ਕਲੱਬ ਅਤੇ ਸਮੂਹ ਗ੍ਰਾਮ ਪੰਚਾਇਤ ਪਿੰਡ ਭੜੀ ਵੱਲੋਂ
ਜਥੇਦਾਰ ਬਾਬਾ ਬਲਵੀਰ ਸਿੰਘ ਜੀ
ਮੌਜੂਦਾ ਮੁਖੀ ਬੁਢਾ ਦਲ
ਜਥੇਦਾਰ ਬਾਬਾ ਅਵਤਾਰ ਸਿੰਘ ਜੀ
ਮੌਜੂਦਾ ਮੁਖੀ ਦਲ ਬਾਬਾ ਬਿਧੀ ਚੰਦ ਸਾਹਿਬ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ
ਮੁਖੀ ਮਿਸਲ ਸ਼ਹੀਦਾਂ ਤਰਨਾ ਦਲ
ਸਤੰ ਬਾਬਾ ਘਾਲਾ ਸਿੰਘ ਜੀ
ਮੌਜੂਦਾ ਮੁਖੀ ਨਾਨਕਸਰ
ਜੱਥੇਦਾਰ ਬਾਬਾ ਮੇਜਰ ਸਿੰਘ ਜੀ
ਕਾਰ ਸੇਵਾ ਹਜ਼ੂਰ ਸਾਹਿਬ
ਬਾਬਾ ਅਨਹਦਰਾਜ ਸਿੰਘ ਜੀ
ਨਾਨਕਸਰ ਲੁਧਿਆਣਾ ਵਾਲੇ
ਬਾਬਾ ਮਹਿੰਦਰ ਸਿੰਘ ਜੀ ਖਾਲਸਾ
ਭੜੀ ਵਾਲੇ
ਕਬੱਡੀ ਕੱਪ ਅਤੇ ਫੁੱਟਬਾਲ ਟੂਰਨਾਮੈਂਟ
ਮਿਤੀ: 15, 16 ਅਤੇ 17 ਫਰਵਰੀ 2025
ਪਿੰਡ ਭੜੀ
ਜ਼ਿਲ੍ਹਾ ਫਤਹਿਗੜ੍ਹ ਸਾਹਿਬ
ਸ. ਗੁਰਮੀਤ ਸਿੰਘ ਖੁੱਡੀਆਂ
ਕੈਬਨਿਟ ਮੰਤਰੀ, ਪੰਜਾਬ
ਸ. ਰੁਪਿੰਦਰ ਸਿੰਘ ਹੈਪੀ
ਐਮ.ਐਲ.ਏ ਹਲਕਾ ਬਸੀ ਪਠਾਣਾਂ
ਡਾ. ਅਮਰ ਸਿੰਘ
ਐਮ.ਪੀ ਫਤਹਿਗੜ੍ਹ ਸਾਹਿਬ
ਸ. ਤਰੁਨਪ੍ਰੀਤ ਸਿੰਘ ਸੌਂਦ
ਕੈਬਨਿਟ ਮੰਤਰੀ, ਪੰਜਾਬ
ਸਿਮਰਜੋਤ ਸਿੰਘ ਖਾਲਸਾ
ਬਚਿੱਤਰ ਸਿੰਘ ਖਾਲਸਾ
ਸਾਹਿਬ ਸਿੰਘ
ਵਿਸ਼ੇਸ਼ ਸਹਿਯੋਗ
ਭਾਈ ਕਪਤਾਨ ਸਿੰਘ ਯੂ.ਕੇ
ਵਿਸ਼ੇਸ਼ ਸਹਿਯੋਗ
ਗਿਆਨ ਬਲਤਾਜ ਸਿੰਘ ਅਮਰੀਕਾ
ਅਮਨਪ੍ਰੀਤ ਸਿੰਘ ਕੈਨੇਡਾ
ਤਰਨ ਕੈਨੇਡਾ
ਸਿਮਰ ਅਮਰੀਕਾ
ਗੋਪੀ ਕੈਨੇਡਾ
ਆਵਾਜ਼ਿ ਕੌਮ AWAZE QAUM International Newspaper & WEB TV
LIVE ON Kabaddi365.com
M: 94630 32701, 98158 80092, 98721 09185
LIVE ON No.1 Live


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

# ਸੱਚ ਨੂੰ ਤੁਸੀ ਜਿਆਦਾ ਸਮਾਂ ਨਹੀ ਛੁਪਾ ਸਕਦੇ










ਦਾਰਸ਼ਿਨਕ ਕਥਨ ਹੈ ਕਿ ਜੇਕਰ ਇਕ ਝੂਠ ਨੂੰ ਸੌ ਵਾਰ ਦੂਹਰਾ ਦਿਓ ਤਾਂ ਉਸਤੋਂ ਬਾਅਦ ਬਹੁਤਿਆਂ ਨੂੰ ਉਹ ਸੱਚ ਲੱਗਣ ਲੱਗ ਜਾਂਦਾ ਹੈ।

ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂਵਾਲਿਆਂ ਬਾਰੇ ਸਾਜ਼ਿਸ਼ੀ ਨੀਤੀ ਤਹਿਤ ਐਸੇ ਸੈਕੜੇ ਝੂਠ ਬੋਲੇ ਗਏ,ਵਿਰੋਧ ਕਰਨ ਵਾਲਿਆਂ ਦੀ ਬੌਖਲਾਹਟ,ਨੀਵੇਂ ਦਰਜੇ ਦੀ ਭਾਸ਼ਾ, ਘਟੀਆ ਤੋਂ ਘਟੀਆ ਇਲਜਾਮ ਵੀ ਸੁਣੇਂ ਦੂਜੇ ਪਾਸੇ ਬਾਬਾ ਹਰਨਾਮ ਸਿੰਘ ਜੀ ਦਾ ਸੰਤਾਂ ਵਾਲਾ ਜੇਰਾ ਵੇਖਿਆ ਜਿੰਨਾ ਸ਼ਾਂਤਮਈ ਰਹਿ ਕੇ ਨਿਜੀ ਵਿਰੋਧੀਆਂ ਨੂੰ ਜਵਾਬ ਦੇਣ ਦੀ ਬਜਾਏ ਦਮਦਮੀ ਟਕਸਾਲ ਵਲੋਂ ਪੰਥਕ ਕਾਰਜ ਨਿਭਾਉਦਿਆਂ,ਗੁਰੂ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਉਨ੍ਹਾਂ ਜਿਸ ਵੀ ਕਾਰਜ ਨੂੰ ਹੱਥ ਪਾਇਆ ਸਤਿਗੁਰੂ ਸਾਹਿਬ ਜੀ ਨੇ ਫਤਿਹ ਬਖਸ਼ੀ ਪਰ ਮੇਰੀ ਸਮਝ ਮੁਤਾਬਿਕ ਉਨ੍ਹਾਂ ਦੀ ਜਿੰਦਗੀ ਦੇ ਦੋ ਕਾਰਜ ਸਭ ਤੋਂ ਕਠਿਨ ਅਤੇ ਚੁਣੌਤੀਪੂਰਨ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

ਜਿੰਨਾ ਚੋਂ ਇਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਪਰਿਕਰਮਾ ਸਥਿਤ ਜੂਨ 1984 ਦੇ ਸ਼ਹੀਦ ਸਿੰਘਾਂ ਦੀ ਯਾਦਗਾਰ ਸੀ ਜਿਸ ਦੀ ਕਾਰਸੇਵਾ ਨੇ ਜਿਥੇ ਸਿੱਖ ਵਿਰੋਧੀ ਲੌਬੀ ਅੰਦਰ ਤੇਜਾਬੀ ਜਲ੍ਹਣ ਪੈਦਾ ਕੀਤੀ।

ਉਥੇ ਕੁਝ ਆਪਣੇ ਵੀ ਬੌਖਲਾਏ ਨਜ਼ਰ ਆਏ ਇਕ ਪਾਸੇ ਦੇਸ਼ ਦੀ ਸੰਸਦ ਵਿਚ ਗੂੰਜ ਸੀ ਕਿ ਅਸੀ ਯਾਦਗਾਰ ਬਣ੍ਹਨ ਨਹੀ ਦੇਣੀ ਦੂਜੇ ਪਾਸੇ ਆਪਣੇ ਅਖਵਾਉਣ ਵਾਲੇ ਕਹਿੰਦੇ ਸਨ ਕਿ "ਜੇਕਰ ਇਹ ਯਾਦਗਾਰ ਬਣੀ ਤਾਂ ਅਸੀ ਢਾਹ ਦਿਆਂਗੇ" ਏਨਾ ਬਹੁਤੇ ਸਿਆਣਿਆਂ ਚੋਂ 90 ਫੀਸਦੀ ਨੇ ਤਾਂ ਸਰਕਾਰੀ ਨੀਤੀ ਦੇ ਕੂੜ ਪ੍ਰਚਾਰ ਅਧੀਨ ਇਹ ਕਹਿਣਾ ਸ਼ੁਰੂ ਕਰ ਦਿੱਤਾ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਤ ਭਿੰਡਰਾਂਵਾਲਿਆਂ ਵਲੋਂ ਮੋਰਚਾਬੰਦੀ ਤੇ ਯੁੱਧ ਹੈ ਹੀ ਗਲਤ ਸੀ,ਉਨ੍ਹਾਂ ਨੂੰ ਕਿਤੇ ਬਾਹਰ ਲੜਾਈ ਲੜਨੀ ਚਾਹੀਦੀ ਸੀ,ਪਰ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਬੁੰਗੇ ਨੇੜੇ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲਿਆਂ ਦਾ ਬੁੰਗਾ ਬਣਵਾਉਣ ਦੀ ਸੇਵਾ ਸਤਿਗੁਰੂ ਜੀ ਨੇ ਬਾਬਾ ਹਰਨਾਮ ਸਿੰਘ ਜੀ ਦੀ ਝੋਲ੍ਹ ਪਾਈ ।

ਇਕੱਲੀ ਯਾਦਗਾਰ ਹੀ ਨਹੀ ਦਹਾਕਿਆਂ ਬੱਧੀ ਮਿਹਨਤ ਕਰਕੇ ਜੂਨ 1984 ਦੇ ਸਿੰਘਾਂ ਦਾ ਵੇਰਵਾ ਇਕੱਤਰ ਕਰਕੇ ਹਰੇਕ ਸ਼ਹੀਦ ਦੀ ਤਸਵੀਰ ਬਣਵਾ ਕੇ ਸ਼ਹੀਦੀ ਗੈਲਰੀ ਵੀ ਸਥਾਪਤ ਕੀਤੀ ।


ਸ਼ਮਸ਼ੇਰ ਸਿੰਘ ਜੇਠੂਵਾਲ

ਦੂਸਰਾ ਕਾਰਜ ਸਿੱਖ ਪੰਥ ਅੰਦਰ ਆਪਸੀ ਖਿਚੋਤਾਣ ਨੂੰ ਰੋਕਣਾ ਉਸ ਸਮੇਂ ਦਿੱਲੀ ਕਮੇਟੀ ਤੇ ਕਾਬਜ਼ ਧੜ੍ਹੇ ਦੇ ਸਮਰਥਕਾਂ ਵਲੋਂ ਲਗਾਤਾਰ ਸ੍ਰੋਮਣੀ ਅਕਾਲੀ ਦਲ ਤੇ ਸ੍ਰੋਮਣੀ ਕਮੇਟੀ ਦੀ ਰਾਜਸੀ ਧਾਰਮਿਕ ਲੀਡਰਸ਼ਿਪ ਦੇ ਸਿਆਸੀ ਵਿਰੋਧ ਦੀ ਆੜ੍ਹ ਵਿਚ ਪੰਥ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਪ੍ਰਭੂਸੱਤਾ ਰੱਦ ਕਰਨਾ, ਗੁਰਦੁਆਰਾ ਬੰਗਲਾ ਸਾਹਿਬ ਤੋਂ ਰੋਜਾਨਾ ਗੁਰਬਾਣੀ ਕਥਾ ਦੌਰਾਨ ਜਿਥੇ ਗੁਰਮਤਿ ਸਿਧਾਂਤਾਂ ਤੋਂ ਉਲਟ ਜਾ ਕੇ ਜਿਥੇ ਸ੍ਰੋਮਣੀ ਕਮੇਟੀ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ ਉਥੇ ਸ੍ਰੀ ਦਸਮ ਗ੍ਰੰਥ ਸਾਹਿਬ ਦੀਆਂ ਬਾਣੀਆਂ-ਗੁਰ ਇਤਿਹਾਸ ਵਿਰੁੱਧ ਬੇਖੌਫ਼ ਕੋਝੀਆਂ ਟਿੱਪਣੀਆਂ ਕੀਤੀਆਂ ਜਾ ਰਹੀਆਂ ਸਨ,ਜਿਸ ਦੀਆਂ ਰਿਕਾਰਡਿੰਗ ਮੌਜੂਦ ਹਨ, ਜਿਸ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਤਕਾਲੀ ਰਾਜਸੀ ਲੀਡਰਸ਼ਿਪ ਮਾਨਸਿਕ ਅਪਾਹਜਾਂ ਵਾਂਗ ਬਰਦਾਸ਼ਤ ਕਰ ਰਹੀ ਸੀ ।

ਜਿਸ ਵਿਰੁੱਧ ਬਾਬਾ ਹਰਨਾਮ ਸਿੰਘ ਜੀ ਨੇ ਸੰਤ ਸਮਾਜ ਨੂੰ ਨਾਲ ਲੈ ਕੇ ਸੰਘਰਸ਼ ਦਾ ਬਿਗਲ ਵਜਾਇਆ ਅਤੇ ਗੁਰੂ ਸਾਹਿਬ ਜੀ ਨੇ ਫਤਿਹ ਬਖਸ਼ੀ ਨਿੰਦਕ ਲੌਬੀ ਨੂੰ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੋਂ ਬਾਹਰ ਕਰਕੇ ਗੁਰਦੁਆਰਾ ਬੰਗਲਾ ਸਾਹਿਬ ਤੋਂ ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੀ ਬਾਣੀਂ ਸਬੰਧੀ ਨਿੰਦਕਾਂ ਵਲੋਂ ਪਾਏ ਭ੍ਰਮ ਭੁਲ ਦੂਰ ਕਰਨ ਲਈ ਕਥਾ ਆਰੰਭ ਕਰਵਾਈਆਂ ।

ਜਿੰਨਾ ਦੋ ਕੌਮੀ ਕਾਰਜਾਂ ਦਾ ਜਿਕਰ ਕੀਤਾ ਹੈ ਇਹ ਉਨ੍ਹਾਂ ਉਦੋਂ ਸਰ ਕੀਤੇ ਜਦੋਂ ਉਨ੍ਹਾਂ ਵਿਰੁੱਧ ਦਿਨ ਰਾਤ ਕੂੜ ਪ੍ਰਚਾਰ ਸਿਖਰਾਂ ਤੇ ਸੀ ਮੈਂ ਇਕ ਦੋ ਵਾਰ ਮਹਾਂਪੁਰਸ਼ਾਂ ਨੂੰ ਬੇਨਤੀ ਕੀਤੀ ਕਿ ਬਾਬਾ ਜੀ ਤੁਹਾਨੂੰ ਵਿਰੋਧੀਆਂ ਨੂੰ ਜਵਾਬ ਦੇਣਾਂ ਚਾਹੀਦਾ ਤਾਂ ਉਨ੍ਹਾਂ ਮੇਰੇ ਵੱਲ ਵੇਖ ਮੁਸਕਰਾ ਕੇ ਕਿਹਾ "ਭਾਈ ਸਾਬ" ਬਹੁਤੇ ਸਵਾਲਾਂ ਦਾ ਜਵਾਬ ਸਮਾਂ ਦੇਂਦਾ ਹੈ ਅਸੀ ਕੌਣ ਹਾਂ ਪੰਥ ਦੇ ਨਿਮਾਣੇ ਸੇਵਕ ਬਣ ਸੇਵਾ ਕਰ ਰਹੇ ਹਾਂ,ਮਨੁੱਖ ਉਸ ਪੁਤਲੇ ਦੀ ਨਿਯਾਈ ਹੈ ਜਿਸ ਦੀ ਡੋਰ ਮਾਲਕ ਦੇ ਹੱਥ ਹੁੰਦੀ ਹੈ ਸਭ ਦੀਆਂ ਡਿਊਟੀਆਂ ਵਾਹਿਗੁਰੂ ਨੇ ਲਾਈਆਂ ਅਸੀ ਕਿਸੇ ਦਾ ਸੁਭਾਅ ਨਹੀ ਬਦਲ ਸਕਦੇ ਮਹਾਰਾਜ ਸਭ ਦਾ ਭਲਾ ਕਰਨ ।

ਸ਼ਹੀਦ ਭਾਈ ਦੀਪਿੰਦਰ ਸਿੰਘ ਜੀ ਅਤੇ ਸ਼ਹੀਦ ਭਾਈ ਬਲਵਿੰਦਰ ਸਿੰਘ ਗੁਵਾਰਾ ਜੀ ਦੇ ਬਾਰੇ ਪੜ੍ਹਨ ਨੂੰ ਮੌਕਾ ਮਿਲਿਆ ਜਿੰਨਾ ਸੂਰਬੀਰ ਸਿੰਘਾਂ ਦੇ ਸਸਕਾਰ ਦੀਆਂ ਤਸਵੀਰਾਂ ਸਾਹਮਣੇਂ ਆਈਆਂ ਤਾਂ ਉਨ੍ਹਾਂ ਵਿਚ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂਵਾਲਿਆਂ ਦੇ ਵਿਦਿਆਰਥੀ ਜੀਵਨ ਦੀਆਂ ਝਲ੍ਹਕਾਂ ਵੇਖ ਉਨ੍ਹਾਂ ਦੇ ਕਹੇ ਬੋਲ ਸੱਚ ਪ੍ਰਤੀਤ ਹੋ ਰਹੇ ਹਨ ਕਿ ਬਹੁਤੇ ਸਵਾਲਾਂ ਦਾ ਜਵਾਬ ਸਮਾਂ ਹੀ ਦੇਂਦਾ ਹੈ ।

ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਇਹ ਦੋਵੇਂ ਸਿੰਘ ਬੱਬਰ ਖਾਲਸਾ ਜਥੇਬੰਦੀ ਨਾਲ ਸਬੰਧਿਤ ਸਨ ਜਿੰਨਾ ਚੋਂ ਭਾਈ ਦੀਪਿੰਦਰ ਸਿੰਘ ਨੇ ਬਿਦਰ ਯੂਨੀਵਰਸਿਟੀ ਚੋਂ ਇੰਜੀਨੀਅਰ ਦੀ ਪੜ੍ਹਾਈ ਕੀਤੀ ਸੀ ਦੂਜੇ ਪਾਸੇ ਭਾਈ ਬਲਵਿੰਦਰ ਸਿੰਘ ਜਿੰਨਾ ਨੂੰ ਸੰਗਤਾਂ ਦੀ ਸੇਵਾ ਦਾ ਬਹੁਤ ਚਾਅ ਰਹਿੰਦਾ ਸੀ ਦੋਵਾਂ ਦੀ ਸ਼ਹਾਦਤ ਮਲੇਰਕੋਟਲਾ ਨੇੜ੍ਹੇ ਇਕ ਬੰਬ ਬਲਾਸਟ ਵਿਚ ਸ਼ਹੀਦ ਹੋਏ।

ਦਮਦਮੀ ਟਕਸਾਲ ਦੇ ਪੰਦਰਵੇਂ ਮੁਖੀ ਸੱਚਖੰਡਵਾਸੀ ਬਾਬਾ ਠਾਕੁਰ ਸਿੰਘ ਜੀ ਵਲੋਂ ਉਸ ਸਮੇਂ ਦੋਵਾਂ ਸਿੰਘਾਂ ਦੇ ਸਰੀਰ ਬਹੁਤ ਮੁਸ਼ਿਕਲ ਨਾਲ ਪ੍ਰਾਪਤ ਕਰਕੇ ਸਸਕਾਰ ਕਰਵਾਏ ਅਤੇ ਅਸਥੀਆਂ ਗੁਰਦੁਆਰਾ ਕੀਰਤਪੁਰ ਸਾਹਿਬ ਵਿਖੇ ਜਲ ਪ੍ਰਵਾਹ ਕੀਤੀਆਂ ਸਨ।

ਇਹ ਉਸ ਸਮੇਂ ਦੀਆਂ ਤਸਵੀਰਾਂ ਹਨ ਜਦੋਂ ਪੰਜਾਬ ਵਿੱਚ ਜੁਲ੍ਹਮ ਦੀ ਹਨੇਰੀ ਝੁਲਦੀ ਸੀ,ਉਸ ਸਮੇਂ ਖਾੜਕੂ ਸਿੰਘਾਂ ਦੇ ਸਸਕਾਰ ਤੇ ਅਰਦਾਸ ਮੌਤ ਨੂੰ ਮਖੌਲ ਕਰਨ ਬਰਾਬਰ ਕਾਰਜ ਸੀ ਬਾਕੀ ਬਾਬਾ ਹਰਨਾਮ ਸਿੰਘ ਜੀ ਨੇ ਸੰਨ੍ਹ 1984 ਤੋਂ ਬਾਅਦ ਕਿਥੇ ਸੇਵਾਵਾਂ ਦਿੱਤੀਆਂ ਉਸ ਬਾਰੇ ਸੰਤ ਬਾਬਾ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਸਪੁੱਤਰ ਸਤਿਕਾਰਯੋਗ ਭਾਈ ਸਾਹਿਬ ਭਾਈ ਈਸ਼ਰ ਸਿੰਘ ਜੀ ਅੱਜ ਵੀ ਗਵਾਹ ਹਨ,ਪੰਜਾਬ ਛੱਡ ਲੰਮਾ ਸਮਾਂ ਅਬਿਚਲਨਗਰ ਤਖ਼ਤ ਸੱਚਖੰਡ ਸ੍ਰੀ ਹਜੂਰ ਸਾਹਿਬ ਰਹੇ ਕਿਉਂਕਿ ਪੰਜਾਬ ਪੁਲਿਸ ਲਗਾਤਾਰ ਉਨਾਂ ਦੀ ਭਾਲ ਵਿਚ ਸੀ,ਹਜੂਰ ਸਾਹਿਬ ਜਿਥੇ ਉਨਾਂ ਨੂੰ ਪੰਥ ਦੀ ਮਹਾਨ ਸਖਸ਼ੀਅਤ ਗਿਆਨੀ ਪ੍ਰਤਾਪ ਸਿੰਘ ਜੀ ਨੇ ਸੰਭਾਲਿਆ ਪੰਜਾਬ ਤੋਂ ਦੱਖਣ ਪਹੁੰਚੇ ਖਾੜਕੂਆਂ ਨੂੰ ਮੱਦਦ ਦੇਣ ਬਦਲੇ ਸਿੰਘ ਸਾਹਿਬ ਗਿਆਨੀ ਪ੍ਰਤਾਪ ਸਿੰਘ ਜੀ ਨੇ 16 ਸਾਲ ਜੇਲ੍ਹ ਕੱਟੀ...ਬਾਬਾ ਹਰਨਾਮ ਸਿੰਘ ਜੀ ਦੀ ਜੇਲ੍ਹ ਯਾਤਰਾ ਬਾਰੇ ਬਾਬਾ ਬਖਸ਼ੀਸ਼ ਸਿੰਘ ਖੁਲਾਸੇ ਕਰ ਚੁੱਕੇ ਹਨ ਜਿਸ ਤੋਂ ਬਾਅਦ ਮਹਾਂਪੁਰਸ਼ ਬਾਬਾ ਠਾਕੁਰ ਸਿੰਘ ਜੀ ਵਲੋਂ ਅਮਰੀਕਾ ਭੇਜ ਦਿੱਤਾ ਗਿਆ,ਲੰਘੇ ਜੂਨ ਨੇ ਸ਼ਹੀਦੀ ਸਮਾਗਮਾਂ ਵਿਚ ਸਰਪੰਚ ਕਸ਼ਮੀਰ ਸਿੰਘ ਮਹਿਤਾ ਨੇ ਮਾਈਕ ਵਿਚ ਦੱਸਿਆ ਕਿ ਬਾਬਾ ਹਰਨਾਮ ਸਿੰਘ ਨੇ ਅਮਰੀਕਾ ਰਹਿ ਨਿਜੀ ਕਮਾਈ ਨਹੀ ਕੀਤੀ ਸਗੋਂ ਉਥੋਂ ਦੋ ਲੱਖ ਡਾਲਰ ਰੁਪਏ ਦਮਦਮੀ ਟਕਸਾਲ ਨੂੰ ਭੇਜੇ,ਇਹ ਸਭ ਸਮਿਆਂ ਵਿੱਚ ਬਾਬਾ ਠਾਕੁਰ ਸਿੰਘ ਜੀ ਦਾ ਹੱਥ ਉਨ੍ਹਾਂ ਦੇ ਸਿਰ ਤੇ ਸੀ ਜਿੰਨਾ ਤੇ ਕੋਈ ਟਿੱਪਣੀ ਨਹੀ ਕਰ ਸਕਦਾ ।

**ਕਾਦਰਯਾਰ ਲਿਖਦੇ ਹਨ..**

**ਕੰਮ ਸੂਰਮੇ ਦਾ ਮੂੰਹ ਦੇ ਫੱਟ ਸਹਿਣੇ,**
**ਤੇ ਕੰਮ ਸ਼ਾਇਰਾਂ ਉਸ ਨੂੰ ਗਾਵਣਾ ਈ ।**
**ਕਾਦਰਯਾਰ ਵੇ ਖੁਦਾ ਨੂੰ ਰਖੀਏ,**
**ਤੇ ਜਿੰਨੇ ਅੰਤਿ ਵੇਲੇ ਕੰਮ ਆਵਣਾ ਈ ।**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਦੇ ਭੁਝੰਗੀ

# ਕੁਰਬਾਨ ਸਿੰਘ

ਦੇ ਜਨਮਦਿਨ ਦੀਆਂ ਸਮੂਹ ਪਰਿਵਾਰ ਤੇ ਸਨੇਹੀਆਂ ਨੂੰ ਲੱਖ-ਲੱਖ ਵਧਾਈਆਂ। ਅਕਾਲ ਪੁਰਖ ਹਮੇਸ਼ਾ ਹੀ ਕੁਰਬਾਨ ਸਿੰਘ ਨੂੰ ਚੜ੍ਹਦੀ ਕਲਾ ਬਖਸ਼ੇ



## ਕੁਰਬਾਨ ਸਿੰਘ

ਭੁਝੰਗੀ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਅਤੇ ਦੀਪ ਸਿੱਧੂ ਦੀ ਯਾਦਗਾਰ

# ਗੁਰਦੁਆਰਾ ਗੁਰੂ ਨਾਨਕ ਦਰਬਾਰ ਮੌਂਟਰੀਆਲ ਕੈਨੇਡਾ ਵਿਖ਼ੇ ਮਨਾਈ ਗਈ




**ਨਵੀਂ ਦਿੱਲੀ 16 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸ਼ਹੀਦ ਭਾਈ ਹਰਦੀਪ ਸਿੰਘ ਨਿਝਰ ਅਤੇ ਸਿੱਖ ਪੰਥ ਨੂੰ ਹਲੂਣਾ ਦੇਣ ਵਾਲੇ ਦੀਪ ਸਿੱਧੂ ਦੀ ਬਰਸੀ ਗੁਰਦੁਆਰਾ ਗੁਰੂ ਨਾਨਕ ਦਰਬਾਰ ਮੌਂਟਰੀਆਲ ਕੈਨੇਡਾ ਵਿਖ਼ੇ ਮਨਾਈ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਜਸਵਿੰਦਰ ਸਿੰਘ ਨੇ ਸੰਗਤਾਂ ਨੂੰ ਸੰਬੋਧਿਤ ਹੁੰਦਿਆਂ ਭਾਈ ਨਿਝਰ ਅਤੇ ਦੀਪ ਸਿੱਧੂ ਦੇ ਜੀਵਨ ਅਤੇ ਉਨ੍ਹਾਂ ਵਲੋਂ ਕੀਤੇ ਗਏ ਕੰਮਾਂ ਦੀ ਜਾਣਕਾਰੀ ਦਿੱਤੀ । ਜਿਕਰਯੋਗ ਹੈ ਕਿ ਦੀਪ ਸਿੱਧੂ ਦੀ ਦੋ ਸਾਲ ਪਹਿਲਾਂ ਕੇ.ਐਮ.ਪੀ. ਵਿਖੇ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ ਅਤੇ ਭਾਈ ਨਿਝਰ ਨੂੰ ਸਰੀ ਗੁਰਦੁਆਰਾ ਸਾਹਿਬ ਦੇ ਬਾਹਰ ਗੋਲੀਆਂ ਮਾਰ ਕੇ ਸ਼ਹੀਦ ਕੀਤਾ ਗਿਆ ਸੀ । ਉਨ੍ਹਾਂ ਨੇ ਕੇਂਦਰ ਸਰਕਾਰ 'ਤੇ ਵੱਡਾ ਇਲਜ਼ਾਮ ਲਾਉਂਦੇ ਕਿਹਾ ਦੀਪ ਸਿੱਧੂ ਅਤੇ ਭਾਈ ਨਿਝਰ ਦਾ ਕਤਲ ਇੱਕ ਸਾਜ਼ਿਸ਼ ਤਹਿਤ ਕੀਤਾ ਗਿਆ ਹੈ । ਉਨ੍ਹਾਂ ਨੇ ਵੱਡਾ ਦੋਸ਼ ਲਾਉਂਦਿਆਂ ਕਿਹਾ, ਕਰੀਬ ਡੇਢ ਤੋਂ ਦੋ ਸਾਲ ਦੇ ਸਿਆਸੀ ਸਫ਼ਰ ਵਿੱਚ ਦੀਪ ਸਿੱਧੂ ਨੇ ਸਰਕਾਰ ਦੀਆਂ ਅੱਖਾਂ ਵਿੱਚ ਰੜਕਣ ਲੱਗ ਪਿਆ ਸੀ ਓਥੇ ਹੀ ਭਾਈ ਨਿਝਰ ਪਹਿਲਾਂ ਤੋਂ ਹੀ ਪੰਥਕ ਸੇਵਾਵਾਂ ਕਰਕੇ ਸਰਕਾਰ ਲਈ ਇਨਾਮੀ ਲੋੜਵੰਦ ਸਨ । ਇਸੇ ਲਈ ਦੀਪ ਸਿੱਧੂ ਦਾ ਕਤਲ ਕਰਕੇ ਹਾਦਸੇ ਦਾ ਰੂਪ ਦਿੱਤਾ ਗਿਆ ਤੇ ਭਾਈ ਨਿਝਰ ਨੂੰ ਭਾੜੇ ਦੇ ਕਾਤਲਾਂ ਕੋਲੋਂ ਕਤਲ ਕਰਵਾਇਆ ਗਿਆ ਸੀ । ਉਨ੍ਹਾਂ ਭਾਈ ਨਿਝਰ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਓਹ ਕਹਿੰਦੇ ਸਨ ਸਾਡੀ ਲੜਾਈ ਫ਼ਸਲ ਨੂੰ ਬਚਾਉਣ ਦੀ ਨਹੀਂ ਸਗੋਂ ਨਸਲ ਬਚਾਉਣ ਦੀ ਹੈ। ਜਿਹੜੀ ਕੌਮ ਨੇ ਆਪਣਾ ਰਾਜ ਮਾਣਿਆ ਹੋਵੇ ਤਾਂ ਉਨ੍ਹਾਂ ਅੰਦਰੋਂ ਰਾਜ ਮਾਨਣ ਦੀ ਭਾਵਨਾ ਨਹੀਂ ਕੱਢੀ ਜਾ ਸਕਦੀ। ਅਸੀਂ ਆਪਣੀ ਸਟੇਟਹੁੱਡ ਨੂੰ ਮਾਣਿਆ ਹੋਇਆ ਹੈ ਤੇ ਜੇ ਅਸੀਂ ਆਪਣੇ ਰਾਜ ਦੀ ਗੱਲ ਕਰਦੇ ਹਾਂ ਤਾਂ ਉਸ ਵਿੱਚ ਕੀ ਸਮੱਸਿਆ ਹੈ। ਉਨ੍ਹਾਂ ਨੇ ਸੰਗਤਾਂ ਨੂੰ ਅਮਰੀਕਾ ਦੇ ਲੋਸ ਐਂਜਲਿਸ (ਐਲ.ਏ) ਵਿਖ਼ੇ 23 ਮਾਰਚ ਨੂੰ ਪੈਣ ਵਾਲੀਆਂ ਰੈਫਰੰਡਮ ਦੀਆਂ ਵੋਟਾਂ ਅੰਦਰ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

**ਜਿਹੜੀ ਕੌਮ ਨੇ ਆਪਣਾ ਰਾਜ ਮਾਣਿਆ ਹੋਵੇ ਤਾਂ ਉਨ੍ਹਾਂ ਅੰਦਰੋਂ ਰਾਜ ਮਾਨਣ ਦੀ ਭਾਵਨਾ ਨਹੀਂ ਕੱਢੀ ਜਾ ਸਕਦੀ: ਗੁਪੇਸ਼ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

## ਲੌਂਗੋਵਾਲ ਵਾਸੀਆਂ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਪਿਆ ਬੂਰ

# ਕੈਬਨਿਟ ਮੰਤਰੀ ਅਮਨ ਅਰੋੜਾ ਨੇ 1.31 ਕਰੋੜ ਦੀ ਲਾਗਤ ਨਾਲ ਤਿਆਰ ਕੀਤੇ ਨਵੇਂ ਆਧੁਨਿਕ ਬੱਸ ਅੱਡੇ ਦਾ ਕੀਤਾ ਉਦਘਾਟਨ

**ਲੌਂਗੋਵਾਲ/ ਸੁਨਾਮ ਊਧਮ ਸਿੰਘ ਵਾਲਾ ( ਰਣਜੀਤ ਸਿੰਘ ਪੇਧਨੀ )** -ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ, ਛਪਾਈ ਤੇ ਲਿਖਣ ਸਮੱਗਰੀ, ਪ੍ਰਸ਼ਾਸਕੀ ਸੁਧਾਰ ਤੇ ਸ਼ਿਕਾਇਤ ਨਿਵਾਰਣ ਅਤੇ ਰੋਜ਼ਗਾਰ ਉਤਪਤੀ ਤੇ ਸਿਖਲਾਈ ਮੰਤਰੀ ਅਮਨ ਅਰੋੜਾ ਵੱਲੋਂ ਅੱਜ ਸਥਾਨਕ ਕਸਬੇ ਲੌਂਗੋਵਾਲ ਵਿਖੇ 1.31 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਆਧੁਨਿਕ ਬੱਸ ਅੱਡੇ ਦਾ ਉਦਘਾਟਨ ਕੀਤਾ ਗਿਆ। ਇਲਾਕਾ ਵਾਸੀਆਂ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਬੂਰ ਪਾਉਣ ਲਈ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਨਿੱਜੀ ਪੱਧਰ 'ਤੇ ਅਣਥੱਕ ਯਤਨ ਕੀਤੇ ਗਏ ਜਿਸ ਸਦਕਾ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਸਵਾਰੀਆਂ ਨੂੰ ਬੱਸ ਅੱਡੇ ਦੀ ਸਹੂਲਤ ਨਸੀਬ ਹੋਈ। ਇਸਦੇ ਨਾਲ ਹੀ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਨਵੇਂ ਬਣਾਏ ਗਏ ਬੱਸ ਅੱਡੇ ਦਾ ਨਾਂ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਨਾਂ 'ਤੇ ਰੱਖਣ ਦਾ ਵੀ ਐਲਾਨ ਕੀਤਾ ਗਿਆ। ਇਸ ਤੋਂ ਇਲਾਵਾ ਇਸ ਮੌਕੇ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਵੱਲੋਂ ਲੌਂਗੋਵਾਲ ਨੇੜਲੇ 11 ਪਿੰਡਾਂ ਦੀਆਂ ਪੰਚਾਇਤਾਂ ਨੂੰ ਸੋਲਰ ਲਾਈਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਹਲਕੇ ਦੇ ਲੋਕਾਂ ਵਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਅ ਰਹੇ ਹਨ ਅਤੇ ਇਸੇ ਤਹਿਤ ਸਿਰਫ ਇੱਕ ਸਾਲ ਦੇ ਅੰਦਰ-ਅੰਦਰ ਹੀ ਲੌਂਗੋਵਾਲ ਦੇ ਲੋਕਾਂ ਨੂੰ ਆਧੁਨਿਕ ਬੱਸ ਅੱਡਾ ਤਿਆਰ ਕਰਵਾ ਕੇ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਿਆਸੀ ਆਗੂਆਂ ਦੀ ਨੀਅਤ ਸਿੱਧੀ ਹੋਵੇ ਤਾਂ ਵੱਡੇ ਵੱਡੇ ਕੰਮ ਸੌਖਿਆਂ ਹੋ ਜਾਂਦੇ ਹਨ ਅਤੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸਾਰੇ ਨੁਮਾਇੰਦੇ ਲੋਕਾਂ ਦੇ ਮਸਲੇ ਹੱਲ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਦਹਾਕਿਆਂ ਪੁਰਾਣੀ ਇਸ ਮੰਗ ਨੂੰ ਪੂਰਾ ਕਰਨ ਲਈ ਉਨ੍ਹਾਂ ਵੱਲੋਂ ਮੰਡੀ ਬੋਰਡ ਦੀ ਲਗਭਗ 0.54 ਏਕੜ ਜਗ੍ਹਾ ਨੂੰ ਨਗਰ ਕੌਂਸਲ ਲੌਂਗੋਵਾਲ ਨੂੰ ਪਟੇਨਾਮੇ 'ਤੇ ਦਿੱਤਾ ਗਿਆ ਅਤੇ ਲੋਕ ਨਿਰਮਾਣ ਵਿਭਾਗ ਤੋਂ ਬੱਸ ਅੱਡਾ ਤਿਆਰ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਇਹ ਅੱਡਾ ਤਿਆਰ ਹੋਣ ਨਾਲ ਸਥਾਨਕ ਨਗਰ ਕੌਂਸਲ ਨੂੰ ਸ਼ੁਰੂਆਤੀ ਤੌਰ 'ਤੇ 90,000 ਪ੍ਰਤੀ ਮਹੀਨਾ ਆਮਦਨੀ ਸ਼ੁਰੂ ਹੋ ਜਾਵੇਗੀ ਜਿਸਨੂੰ ਲੌਂਗੋਵਾਲ ਦੇ ਵਿਕਾਸ 'ਤੇ ਹੀ ਖਰਚਿਆ ਜਾਵੇਗਾ। ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਜਲਦ ਹੀ ਲੌਂਗੋਵਾਲ ਦੇ ਪਟਵਾਰਖ਼ਾਨੇ ਦਾ ਵੀ ਜਲਦ ਹੀ ਨਵੀਨੀਕਰਨ ਕਰਵਾਇਆ ਜਾਵੇਗਾ ਜਿਸ ਲਈ 34 ਲੱਖ ਰੁਪਏ ਮਨਜ਼ੂਰ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਉਹ ਆਪਣੀ ਸਰਕਾਰ ਦੇ ਪੰਜ ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਨਾਲ ਕੀਤਾ ਹਰ ਇੱਕ ਵਾਅਦਾ ਪੂਰਾ ਕਰਨ ਲਈ ਵਚਨਬੱਧ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਕਸੀਅਨ ਲੋਕ ਨਿਰਮਾਣ ਅਜੇ ਗਰਗ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਈ.ਓ. ਬਾਲਕ੍ਰਿਸ਼ਨ, ਕਮਲਪਾਲ ਸਿੰਘ ਬਰਾੜ, ਕੈਬਨਿਟ ਮੰਤਰੀ ਦੇ ਓ.ਐਸ.ਡੀ. ਅੰਮ੍ਰਿਤਪਾਲ ਸਿੱਧੂ, ਰਾਜ ਸਿੰਘ ਰਾਜੂ, ਵਿੱਕੀ ਵਸ਼ਿਸ਼ਟ, ਬਲਕਾਰ ਸਿੰਘ ਸਿੱਧੂ, ਐਮ.ਸੀ. ਵਿੱਕੀ ਸਿੰਘ, ਐਮ.ਸੀ. ਗੁਰਮੀਤ ਸਿੰਘ ਫੌਜੀ, ਸੁਖਪਾਲ ਸਿੰਘ ਬਾਜਵਾ, ਸੂਬੇਦਾਰ ਮੇਲਾ ਸਿੰਘ, ਰਣਜੀਤ ਸਿੰਘ ਕੁੱਕਾ, ਸ਼ਿਮੰਦਰ ਕੌਰ ਗਿੱਲ, ਐਮ.ਸੀ. ਬਲਜਿੰਦਰ ਕੌਰ, ਗੁਰਜੰਟ ਖਾਨ, ਨਰਿੰਦਰ ਸ਼ਰਮਾ, ਬਲਵਿੰਦਰ ਸਿੰਘ ਢਿੱਲੋਂ, ਹਰਦੀਪ ਸਿੰਘ ਸਿੱਪੀ, ਸਰਪੰਚ ਦਰਸ਼ਨ ਸਿੰਘ, ਸਰਪੰਚ ਨਿਹਾਲ ਸਿੰਘ, ਸਰਪੰਚ ਜਰਨੈਲ ਸਿੰਘ, ਸਰਪੰਚ ਸਤਗੁਰ ਸਿੰਘ ਸ਼ੇਰੋਂ, ਅਵਤਾਰ ਸਿੰਘ ਦੁਲੱਟ, ਸੁਖ ਸਾਹੋਕੇ, ਦਵਿੰਦਰ ਭੁੱਲਰ, ਅੰਮ੍ਰਿਤਪਾਲ ਸਿੰਗਲਾ, ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।




**☛ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਨਵੇਂ ਬਣਾਏ ਗਏ ਬੱਸ ਅੱਡੇ ਦਾ ਨਾਂ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਨਾਂ 'ਤੇ ਰੱਖਣ ਦਾ ਕੀਤਾ ਐਲਾਨ ☛ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ ਨੇੜਲੇ 11 ਪਿੰਡਾਂ ਵਿੱਚ ਸੋਲਰ ਲਾਈਟਾਂ ਦੇ ਪ੍ਰੋਜੈਕਟ ਦਾ ਵੀ ਆਗਾਜ਼**

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤੀਆਂ ਦੀ ਵਾਪਸੀ 'ਤੇ ਪ੍ਰਧਾਨ ਮੰਤਰੀ ਮੋਦੀ ਦੀ ਦੋਗਲੀ ਨੀਤੀ ਜੱਗ ਜਾਹਿਰ ਹੋਈ : ਧਾਂਦਰਾ



**ਧੂਰੀ ( ਰਣਜੀਤ ਸਿੰਘ ਪੇਧਨੀ )** - ਅਮਰੀਕਾ ਦੌਰੇ ਦੌਰਾਨ ਵਾਸ਼ਿੰਗਟਨ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਰਮਿਆਨ ਹੋਈ ਗੱਲਬਾਤ ਨੇ ਅਮਰੀਕਾ ਚੋ ਕੱਢੇ ਜਾ ਰਹੇ ਭਾਰਤੀਆਂ ਬਾਰੇ ਅਪਣਾਈ ਜਾ ਰਹੀ ਪ੍ਰਧਾਨ ਮੰਤਰੀ ਦੀ ਦੋਗਲੀ ਨੀਤੀ ਨੂੰ ਜੱਗ ਜਾਹਿਰ ਕਰ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਸਪੋਰਟਸ ਵਿੰਗ ਦੇ ਜਰਨਲ ਸਕੱਤਰ ਅਮਰਦੀਪ ਸਿੰਘ ਧਾਂਦਰਾ ਨੇ ਕੀਤਾ। ਉਨਾ ਕਿਹਾ ਕਿ ਰਾਸ਼ਟਰਪਤੀ ਦਾ ਅਹੁਦਾ ਸੰਭਾਲਦਿਆਂ ਹੀ ਟਰੰਪ ਵੱਲੋਂ ਅਮਰੀਕਾ ਵਿੱਚ ਰਹਿੰਦੇ ਵਿਦੇਸ਼ੀਆਂ ਨੂੰ ਬਾਹਰ ਕੱਢਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਸੀ ਅਤੇ ਭਾਰਤੀਆਂ ਨੂੰ ਹੱਥਕੜੀਆਂ ਤੇ ਬੇੜੀਆਂ ਲਾ ਕੇ ਭਾਰਤ ਭੇਜਣ ਉਪਰੰਤ ਭਾਰਤ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਸੀਂ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਕੰਮਾਂ ਦੀ ਸਲਾਂਘਾ ਕਰਦੇ ਹਾਂ ਜਿਨਾਂ ਨੇ ਕਿਹਾ ਹੈ ਕਿ ਉਹ ਡਿਪੋਰਟ ਕੀਤੇ ਹੋਏ ਨੌਜਵਾਨਾਂ ਨੂੰ ਉਹ ਖੁਦ ਹਵਾਈ ਅੱਡੇ ਤੋਂ ਲੈ ਕੇ ਆਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਜਥੇਦਾਰ ਹਰਪ੍ਰੀਤ ਸਿੰਘ ਨੂੰ ਗਲਤ ਤਰੀਕੇ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਹਟਾਉਣਾ ਮੰਦਭਾਗਾ ਹੈ : ਪੰਮਾ ਬਾਠ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪਿਛਲੇ ਦਿਨੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਹੋਈ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੇ ਵਿੱਚ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਜਿਸ ਢੰਗ ਨਾਲ ਸੇਵਾ ਮੁਕਤ ਕੀਤਾ ਗਿਆ ਹੈ, ਇਹ ਬਹੁਤ ਹੀ ਮੰਦਭਾਗੀ ਗੱਲ ਹੈ ਅਸੀਂ ਇਸ ਦੀ ਸਖ਼ਤ ਸਬਦਾ ਵਿੱਚ ਨਿਖੇਧੀ ਕਰਦੇ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਸੁਧਾਰ ਲਹਿਰ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਕਾਲ ਤਖਤ ਸਾਹਿਬ ਨਾਲ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਟੱਕਰ ਲੈਣ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਸਾਰਾ ਕੁਝ ਬਾਦਲ ਪਰਿਵਾਰ ਦੇ ਕਹਿਣ ਤੇ ਹੋ ਰਿਹਾ ਹੈ ਜੋ ਸਰਾ ਸਰ ਗਲਤ ਹੈ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਵੀ ਪਿਛਲੇ ਦਿਨੀ ਇਹ ਕਿਹਾ ਸੀ ਕਿ ਜਥੇਦਾਰਾਂ ਦੀ ਜਾਂਚ ਕਰਨ ਦੇ ਆਦੇਸ਼ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਹੋਣੇ ਚਾਹੀਦੇ ਹਨ। ਲੇਕਿਨ ਸ਼੍ਰੋਮਣੀ ਕਮੇਟੀ ਇਸ ਤੇ ਤਿੰਨ ਮੈਂਬਰੀ ਕਮੇਟੀ ਬਣਾ ਕੇ ਗਲਤ ਢੰਗ ਨਾਲ ਜਾਂਚ ਕਰਵਾ ਰਹੀ ਹੈ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਨੂੰ ਸ਼੍ਰੋਮਣੀ ਕਮੇਟੀ ਨੇ ਨਾਂ ਮੰਨ ਕੇ ਅਕਾਲ ਤਖਤ ਸਾਹਿਬ ਨਾਲ ਟੱਕਰ ਲੈਣ ਦੀ ਕੋਸ਼ਿਸ਼ ਕੀਤੀ ਹੈ। ਅਤੇ ਸ਼੍ਰੋਮਣੀ ਕਮੇਟੀ ਅਕਾਲੀ ਦਲ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਜਿਸ ਨਾਲ ਕਿ ਅਕਾਲੀ ਦਲ ਨੂੰ ਹੋਰ ਢਾਹ ਲੱਗ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿੱਚ ਆਫ਼ਤ ਦੀ ਰੋਕਥਾਮ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮੌਕ ਡਰਿੱਲ ਅਭਿਆਸ



**ਨਵੀਂ ਦਿੱਲੀ, 16 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿਖ਼ੇ ਵਿਦਿਆਰਥੀਆਂ ਵਿੱਚ ਆਫ਼ਤ ਪ੍ਰਬੰਧਨ ਬਾਰੇ ਜਾਗਰੂਕਤਾ ਪੈਦਾ ਕਰਨ ਦੇ ਅਭਿਆਸ ਨੂੰ ਜਾਰੀ ਰੱਖਦੇ ਹੋਏ, ਬੀਤੀ 14 ਫਰਵਰੀ ਨੂੰ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕਰਦੇ ਹੋਏ ਇੱਕ ਮੌਕ ਡਰਿੱਲ ਅਤੇ ਨਿਕਾਸੀ ਅਭਿਆਸ ਕੀਤਾ ਗਿਆ ਤਾਂ ਜੋ ਵਿਦਿਆਰਥੀਆਂ ਵਿੱਚ ਐਮਰਜੈਂਸੀ ਸਥਿਤੀ ਦੇ ਸਮੇਂ ਤੇਜ਼ੀ ਨਾਲ ਜਵਾਬ ਦੇਣ ਦੇ ਤਰੀਕਿਆਂ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ। ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਦਸਿਆ ਕਿ ਸਕੂਲ ਵਿੱਚ ਇਹ ਮੌਕ ਡਰਿੱਲ ਜੋਖਮ ਘਟਾਉਣ ਪ੍ਰੋਗਰਾਮ ਦੇ ਤਹਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਅਜਿਹੀ ਕਿਸੇ ਵੀ ਘਟਨਾ ਲਈ ਤਿਆਰ ਕਰਨ ਲਈ ਕੀਤੀ ਗਈ ਸੀ। ਮੌਕ ਡਰਿੱਲ ਦਾ ਆਯੋਜਨ ਕਰਨ ਦਾ ਉਦੇਸ਼ ਸਕੂਲ ਦੀ ਕਿਸੇ ਵੀ ਐਮਰਜੈਂਸੀ ਦਾ ਸਾਹਮਣਾ ਕਰਨ ਲਈ ਤਿਆਰੀ ਦੀ ਜਾਂਚ ਕਰਨਾ ਸੀ ਅਤੇ ਵਿਦਿਆਰਥੀਆਂ ਅਤੇ ਸਟਾਫ ਨੂੰ ਬਚਾਅ ਕਾਰਜ ਬਾਰੇ ਜਾਗਰੂਕ ਕਰਨਾ ਸੀ। ਬਚਾਅ ਕਾਰਜਾਂ ਲਈ ਲੋੜੀਂਦੇ ਸਮਾਨ ਨਾਲ ਲੈਸ ਅਧਿਆਪਕਾਂ ਅਤੇ ਵਿਦਿਆਰਥੀ ਵਲੰਟੀਅਰਾਂ ਦੇ ਇੱਕ ਸਮੂਹ ਨੇ ਵਿਦਿਆਰਥੀਆਂ ਨੂੰ ਨਿਕਾਸੀ ਅਭਿਆਸ ਵਿੱਚ ਮਾਰਗਦਰਸ਼ਨ ਅਤੇ ਸਹਾਇਤਾ ਕਰਨ ਲਈ ਆਪਣੇ ਆਪ ਨੂੰ ਸੁਵਿਧਾਜਨਕ ਸਥਾਨਾਂ 'ਤੇ ਤਾਇਨਾਤ ਕੀਤਾ। ਹੂਟਰ ਦੀ ਆਵਾਜ਼ ਤੋਂ ਬਾਅਦ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਸ਼ਾ ਅਧਿਆਪਕਾਂ ਦੁਆਰਾ ਸਕੂਲ ਦੇ ਮੈਦਾਨ ਵਿੱਚ ਲਿਜਾਇਆ ਗਿਆ। ਇੱਕ ਵਾਰ ਜਦੋਂ ਸਾਰੇ ਜ਼ਮੀਨ 'ਤੇ ਇਕੱਠੇ ਹੋ ਗਏ, ਤਾਂ ਉਨ੍ਹਾਂ ਨੂੰ ਕਿਸੇ ਵੀ ਆਫ਼ਤ ਦੀ ਸਥਿਤੀ ਵਿੱਚ ਨਾ ਘਬਰਾਉਣ ਦੀ ਸਲਾਹ ਦਿੱਤੀ ਗਈ। ਉਨ੍ਹਾਂ ਨੂੰ ਆਫ਼ਤ ਦੇ ਸਮੇਂ ਅਧਿਆਪਕਾਂ ਦੇ ਨਾਲ ਰਹਿਣ ਅਤੇ ਆਪਣੇ ਅਧਿਆਪਕਾਂ ਦੁਆਰਾ ਦਿੱਤੇ ਗਏ ਨਿਰਦੇਸ਼ਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਮੌਕ ਡਰਿੱਲ ਦੀ ਨਿਗਰਾਨੀ ਪ੍ਰਿੰਸੀਪਲ ਸ਼੍ਰੀਮਤੀ ਮਨਪ੍ਰੀਤ ਕੌਰ ਦੁਆਰਾ ਕੀਤੀ ਗਈ। ਉਨ੍ਹਾਂ ਨੇ ਅਸੈਂਬਲੀ ਨੂੰ ਸੰਬੋਧਨ ਕੀਤਾ ਅਤੇ ਵਿਦਿਆਰਥੀਆਂ ਨਾਲ ਇਸ ਡ੍ਰਿੱਲ ਬਾਰੇ ਉਨ੍ਹਾਂ ਦੀ ਧਾਰਨਾ ਬਾਰੇ ਗੱਲਬਾਤ ਕੀਤੀ। ਉਨ੍ਹਾਂ ਨੇ ਐਮਰਜੈਂਸੀ ਦੇ ਸਮੇਂ ਧਿਆਨ ਵਿੱਚ ਰੱਖਣ ਵਾਲੀਆਂ ਕੁਝ ਸਾਵਧਾਨੀਆਂ ਬਾਰੇ ਵੀ ਦੱਸਿਆ। ਇਹ ਸੈਸ਼ਨ ਜਾਣਕਾਰੀ ਭਰਪੂਰ ਸਾਬਤ ਹੋਇਆ ਅਤੇ ਜੀਵਨ ਬਚਾਉਣ ਵਾਲੇ ਹੁਨਰਾਂ ਬਾਰੇ ਇੱਕ ਜ਼ਰੂਰੀ ਸਬਕ ਸਾਬਤ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

### ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਵਿਖੇ

# ਚਾਰ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਸਮਾਪਤ












**ਤਲਵੰਡੀ ਸਾਬੋ, 16 ਫਰਵਰੀ ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸਾਹਿਬ ਕੌਰ ਗਰਲਜ ਕਾਲਜ ਵਿਖੇ ਪ੍ਰਿੰਸੀਪਲ ਡਾ. ਕਮਲਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਤੇ ਕਾਲਜ ਦੀ ਗੁਰਮਤਿ ਸੇਵਾ ਸੁਸਾਇਟੀ ਵੱਲੋਂ ਵਿਦਿਆਰਥੀਆਂ ਦੀ ਸਰਬਪੱਖੀ ਸ਼ਖ਼ਸੀਅਤ ਉਸਾਰੀ ਨੂੰ ਮੁੱਖ ਰੱਖਦਿਆਂ ਚਾਰ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਅੱਜ ਸਮਾਪਤ ਹੋ ਗਿਆ। ਇਹ ਕੈਂਪ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕੀਤਾ ਗਿਆ ਸੀ। ਕੈਂਪ ਵਿੱਚ ਵੱਖ-ਵੱਖ ਕਲਾਸਾਂ ਦੀਆਂ 230 ਵਿਦਿਆਰਥਣਾਂ ਭਾਗ ਲੈਣ ਲਈ ਪਹੁੰਚੀਆਂ। ਕੈਂਪ ਦੇ ਦੂਸਰੇ ਦਿਨ ਸ. ਬਰਜਿੰਦਰਪਾਲ ਸਿੰਘ, ਚੀਫ਼ ਆਰਗੇਨਾਈਜ਼ਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਮੁੱਖ ਬੁਲਾਰੇ ਵਜੋਂ ਪਹੁੰਚੇ ਜਦਕਿ ਸ. ਭੋਲਾ ਸਿੰਘ ਇੰਚਾਰਜ਼, ਸਬ-ਆਫ਼ਿਸ ਧਰਮ ਪ੍ਰਚਾਰ ਕਮੇਟੀ ਅਤੇ ਪ੍ਰਿੰਸੀਪਲ ਰਵਿੰਦਰ ਸਿੰਘ ਖਾਲਸਾ, ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਭਾਈ ਨਿਰਭੈ ਸਿੰਘ ਜੀ ਹਜ਼ੂਰੀ ਰਾਗੀ ਜਥਾ ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਕੀਰਤਨ ਹਾਜ਼ਰੀ ਲਗਵਾਈ। ਸ. ਬਰਜਿੰਦਰਪਾਲ ਸਿੰਘ ਨੇ ਬੰਦੇ ਖੋਜਿ ਦਿਲ ਹਰ ਰੋਜ਼ ਵਿਸ਼ੇ 'ਤੇ ਗੱਲ ਕਰਦਿਆਂ ਜੀਵਨ ਵਿਚ ਹਮੇਸ਼ਾ ਚੜ੍ਹਦੀਕਲਾ ਵਿਚ ਰਹਿਣ ਅਤੇ ਉੱਚਾ-ਸੁੱਚਾ ਕਿਰਦਾਰ ਅਪਣਾਉਣ ਦੀ ਗੱਲ ਕੀਤੀ। ਪ੍ਰਿੰਸੀਪਲ ਡਾ. ਕਮਲਪ੍ਰੀਤ ਕੌਰ ਨੇ ਆਪਣੇ ਕੁੰਜੀਵਤ ਭਾਸ਼ਨ ਦੌਰਾਨ ਵੱਖ-ਵੱਖ ਉਦਾਹਰਨਾਂ ਦੇ ਕੇ ਆਪਣੇ ਅਮੀਰ ਵਿਰਸੇ ਅਤੇ ਸਭਿਆਚਾਰ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੁਨਿਆਵੀ ਸਿੱਖਿਆ ਦੇ ਨਾਲ-ਨਾਲ ਨੈਤਿਕ ਸਿੱਖਿਆ ਨੂੰ ਵੀ ਜਿੰਦਗੀ ਦਾ ਮਹੱਤਵਪੂਰਨ ਅੰਗ ਦੱਸਿਆ। ਦੂਸਰੇ ਸੈਸ਼ਨ ਵਿੱਚ ਪਹੁੰਚੇ ਸ. ਗੁਰਵਿੰਦਰ ਸਿੰਘ ਸਿਵੀਆਂ ਨੇ ਵਿਦਿਆਰਥੀਆਂ ਨਾਲ ਵਿਰਸੇ ਦੀਆਂ ਬਾਤਾਂ ਵਿਸ਼ੇ 'ਤੇ ਸਾਂਝ ਪਾਉਂਦਿਆਂ ਇਤਿਹਾਸ ਤੋਂ ਪ੍ਰੇਰਣਾ ਲੈਂਦਿਆਂ ਜੀਵਨ ਵਿੱਚ ਹਮੇਸ਼ਾ ਚੜ੍ਹਦੀਕਲਾ ਅਤੇ ਉਤਸ਼ਾਹ ਲਿਆਉਣ ਦੀ ਗੱਲ ਸਾਂਝੀ ਕੀਤੀ। ਉਹਨਾਂ ਆਖਿਆ ਗੁਣਾਂ ਨੂੰ ਇਕੱਠੇ ਕਰਨਾ ਅਤੇ ਔਗੁਣਾਂ ਦਾ ਤਿਆਗ ਕਰੀ ਜਾਣਾ ਹੀ ਸਫ਼ਲ ਜਿੰਦਗੀ ਦਾ ਵੱਡਾ ਰਾਜ ਹੈ। ਇਸ ਦੌਰਾਨ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ। ਹਰੇਕ ਸੈਸ਼ਨ ਵਿੱਚ ਵਿਦਿਆਰਥੀਆਂ ਨੂੰ ਸਿੱਖਿਆਦਾਇਕ ਲਘੂ ਫਿਲਮਾਂ ਵੀ ਦਿਖਾਈਆਂ ਗਈਆਂ। ਕੈਂਪ ਦੇ ਸਮਾਪਤੀ ਸਮਾਗਮ ਵਿਚ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਕਾਰਜਕਾਰੀ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਮੁੱਖ ਮਹਿਮਾਨ ਵਜੋਂ ਪਹੁੰਚੇ ਅਤੇ ਵਿਦਿਆਰਥਣਾਂ ਨੂੰ ਸੰਬੋਧਨ ਕੀਤਾ। ਉਹਨਾਂ ਗੁਰਬਾਣੀ ਅਤੇ ਇਤਿਹਾਸ ਦੇ ਹਵਾਲੇ ਦਿੰਦਿਆਂ ਵਿਦਿਆਰਥੀਆਂ ਨੂੰ ਸਹੀ ਅਤੇ ਗਲ਼ਤ ਦੀ ਪਛਾਣ ਕਰਨ ਅਤੇ ਸੰਪੂਰਣ ਜੀਵਨ ਜਾਚ ਦੇ ਬੁਨਿਆਦੀ ਨੁਕਤੇ ਦ੍ਰਿੜ ਕਰਵਾਏ। ਇਸ ਮੌਕੇ ਕਰਵਾਏ ਕਵੀ ਦਰਬਾਰ ਵਿਚ 20 ਵਿਦਿਆਰਥੀਆਂ ਅਤੇ ਕਵੀ ਸਾਹਿਬਾਨਾਂ ਨੇ ਇਤਿਹਾਸਕ ਕਵਿਤਾਵਾਂ ਅਤੇ ਕਵੀਸ਼ਰੀਆਂ ਗਾਇਨ ਕੀਤੀਆਂ। ਸਟੇਜ ਸਕੱਤਰ ਦੀ ਭੂਮਿਕਾ ਸ. ਪਰਮਿੰਦਰ ਸਿੰਘ ਨੇ ਨਿਭਾਈ। ਜ਼ੋਨਲ ਪ੍ਰਧਾਨ ਸ. ਰਣਜੀਤ ਸਿੰਘ ਖੱਚੜਾਂ ਨੇ ਸੁਚੱਜੀ ਜੀਵਨ ਜਾਚ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਵਿਦਿਆਰਥਣਾਂ ਦੇ ਸਵਾਲਾਂ ਦੇ ਜਵਾਬ ਦਿੱਤੇ। ਕੈਂਪ ਦੇ ਅਖੀਰ ਵਿਚ ਪ੍ਰਿੰਸੀਪਲ ਡਾ. ਕਮਲਪ੍ਰੀਤ ਕੌਰ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਯਾਦਗਾਰੀ ਚਿੰਨ ਭੇਂਟ ਕੀਤੇ। ਕੈਂਪ ਨੂੰ ਸਫ਼ਲ ਬਣਾਉਣ ਵਿਚ ਸ. ਰਣਜੀਤ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਪ੍ਰੋ. ਗੁਰਜੀਤ ਸਿੰਘ, ਡਾ. ਇੰਦਰਪ੍ਰੀਤ ਕੌਰ ਕੈਂਪ ਕਨਵੀਨਰ, ਪ੍ਰੋ. ਸਰਬਜੀਤ ਕੌਰ, ਰਾਜਵਿੰਦਰ ਕੌਰ, ਸੁਖਵੀਰ ਕੌਰ, ਪ੍ਰੋ. ਕੁਲਜੀਤ ਸਿੰਘ, ਪ੍ਰੋ. ਲੱਖਾ ਸਿੰਘ, ਪ੍ਰੋ. ਗੋਪਾਲ ਸਿੰਘ, ਗੁਰਜੰਟ ਸਿੰਘ ਨਥੇਹਾ, ਜੁਗਾਦਪ੍ਰੀਤ ਸਿੰਘ ਅਤੇ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਸਮੂਹ ਮੈਂਬਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜਲ ਸਰੋਤ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ 11.04 ਕਰੋੜ ਦੀ ਲਾਗਤ ਨਾਲ ਬਣਨ ਵਾਲੇ 5 ਨਵੇਂ ਪੁਲਾਂ ਦੇ ਨੀਂਹ ਪੱਥਰ ਰੱਖੇ

**☛ ਲੋਕਾਂ ਦੀ ਚਾਰ ਦਹਾਕੇ ਪੁਰਾਣੀ ਮੰਗ ਹੋਈ ਪੂਰੀ, ਤਿੰਨ ਮਹੀਨੇ ਅੰਦਰ ਹੋਵੇਗੀ ਪੁਲਾਂ ਦੀ ਉਸਾਰੀ, ਲੋਕਾਂ ਨੂੰ ਮਿਲੇਗੀ ਵੱਡੀ ਰਾਹਤ ☛ ਹਲਕਾ ਲਹਿਰਾ ਦੇ ਨਿਵਾਸੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਸਥਾਈ ਹੱਲ ਲਈ ਵਚਨਬੱਧ ਹਾਂ - ਬਰਿੰਦਰ ਕੁਮਾਰ ਗੋਇਲ**



**ਲਹਿਰਾਗਾਗਾ/ ਮੂਨਕ/ ( ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਜਲ ਸਰੋਤ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਅੱਜ ਵਿਧਾਨ ਸਭਾ ਹਲਕਾ ਲਹਿਰਾ ਵਿੱਚ 11.04 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ 5 ਨਵੇਂ ਪੁਲਾਂ ਦੇ ਨੀਂਹ ਪੱਥਰ ਰੱਖਦੇ ਹੋਏ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਲਹਿਰਾ ਦਾ ਬਹੁਪੱਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਅੱਜ ਝੰਬੋਵਾਲੀ ਚੋਅ ਉਤੇ 1 ਅਤੇ ਲਹਿਰਾਗਾਗਾ ਮੇਨ ਡਰੇਨ ਉੱਤੇ 4 ਨਵੇਂ ਪੁਲਾਂ ਨੂੰ ਬਣਾਉਣ ਦੇ ਕਾਰਜ ਆਰੰਭ ਕਰਵਾਏ ਗਏ ਹਨ ਅਤੇ ਇਹ ਪੁਲ ਬਣਨ ਨਾਲ ਇਹਨਾਂ ਡਰੇਨਾਂ ਨੇੜੇ ਵੱਸਦੇ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਉਹਨਾਂ ਕਿਹਾ ਕਿ ਪਿਛਲੇ ਕਰੀਬ ਚਾਰ ਦਹਾਕਿਆਂ ਤੋਂ ਇੱਥੋਂ ਦੇ ਲੋਕ ਢੁਕਵੇਂ ਪੁਲਾਂ ਦੀ ਘਾਟ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਸਨ। ਕੈਬਨਿਟ ਮੰਤਰੀ ਨੇ ਨੀਹ ਪੱਥਰ ਰੱਖਦਿਆਂ ਦੱਸਿਆ ਕਿ ਝੰਬੋਵਾਲੀ ਚੋਅ ਉੱਤੇ ਪਿੰਡ ਬਾਦਲਗੜ੍ਹ ਤੋਂ ਨਵਾਂ ਗਾਓ ਸੜਕ ਉੱਤੇ 3.30 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪੁਲ ਬਣਾਇਆ ਜਾ ਰਿਹਾ ਹੈ ਜੋ ਕਿ 18 ਫੁੱਟ ਚੌੜਾ ਹੋਵੇਗਾ। ਉਹਨਾਂ ਦੱਸਿਆ ਕਿ ਲਹਿਲ ਕਲਾਂ ਤੋਂ ਜਵਾਹਰ ਵਾਲਾ ਅਤੇ ਮੂਨਕ ਤੋਂ ਲਹਿਰਾ ਸੜਕ ਉੱਤੇ (ਲਹਿਲ ਕਲਾਂ ਤੋਂ ਲਹਿਲ ਖੁਰਦ ਪੱਕੀ ਸੜਕ ਉੱਤੇ) ਪਹਿਲਾਂ ਬਣੇ ਹੋਏ ਪੁਲ ਤੰਗ ਤੇ ਨੀਵੇਂ ਹਨ ਜਿਸ ਕਾਰਨ ਬਰਸਾਤੀ ਮੌਸਮ ਵਿੱਚ ਡਾਫ ਲੱਗ ਜਾਂਦੀ ਹੈ ਅਤੇ ਪਾਣੀ ਓਵਰਫਲੋਅ ਹੋਣ ਕਾਰਨ ਖੇਤਾਂ ਵਿੱਚ ਵੜ ਜਾਂਦਾ ਹੈ ਅਤੇ ਇਸ ਸਮੱਸਿਆ ਦਾ ਸਥਾਈ ਹੱਲ ਕਰਨ ਲਈ ਇੱਥੇ ਕਰਮਵਾਰ 3.15 ਕਰੋੜ ਰੁਪਏ ਤੇ 1.90 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਪੁਲ ਸਿੱਧੇ ਕਰਕੇ ਬਣਵਾਏ ਜਾ ਰਹੇ ਹਨ। ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਪਿੰਡ ਲਹਿਲ ਕਲਾਂ ਤੋਂ ਖੇਤਾਂ ਤੱਕ 1.33 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪੁਲ ਦਾ ਨੀਂਹ ਪੱਥਰ ਰੱਖਦਿਆਂ ਦੱਸਿਆ ਕਿ ਕੱਚੇ ਰਸਤੇ ਵਿੱਚੋਂ ਲੰਘਣਾ ਲੋਕਾਂ ਲਈ ਜੋਖਮ ਭਰਿਆ ਹੈ ਅਤੇ ਲੋਕਾਂ ਦੀ ਵੱਡੀ ਲੋੜ ਨੂੰ ਦੇਖਦਿਆਂ ਇਥੇ ਪੁਲ ਬਣਵਾਇਆ ਜਾ ਰਿਹਾ ਹੈ। ਉਹਨਾਂ ਨੇ ਬਖੌਰਾ ਤੋਂ ਬੱਲਰਾਂ ਰੋਡ ਵਿਖੇ 1.36 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪੁਲ ਦਾ ਨੀਹ ਪੱਥਰ ਵੀ ਰੱਖਿਆ ਅਤੇ ਦੱਸਿਆ ਕਿ ਇਹ ਪੁਲ ਤਿੰਨ ਮਹੀਨਿਆਂ ਦੇ ਅੰਦਰ ਅੰਦਰ ਮੁਕੰਮਲ ਕਰਨ ਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਹਨ। ਇਸ ਮੌਕੇ ਡੀਐਸਪੀ ਪਰਮਿੰਦਰ ਸਿੰਘ, ਕੈਬਨਿਟ ਮੰਤਰੀ ਦੇ ਪੀ.ਏ ਰਾਕੇਸ਼ ਕੁਮਾਰ ਗੁਪਤਾ, ਬੂਟਾ ਸਿੰਘ ਨਵਾਂ ਗਾਓਂ, ਗੁਰਨਾਮ ਸਿੰਘ ਔਲਖ, ਬਾਦਲ ਸਿੰਘ, ਬਿੱਕਰ ਸਿੰਘ ਸਰਪੰਚ ਬਾਦਲਗੜ, ਚਰਨਜੀਤ ਸ਼ਰਮਾ ਪ੍ਰਧਾਨ ਸ਼ੈਲਰ ਐਸੋਸੀਏਸ਼ਨ ਲਹਿਰਾ, ਗੁਰਲਾਲ ਸਿੰਘ ਸਰਪੰਚ, ਸਤਵੀਰ ਸਿੰਘ ਸੱਤੀ , ਮਲਕੀਤ ਸਿੰਘ ਸਰਪੰਚ, ਫੌਜੀ ਸਰਪੰਚ,ਜਸਪਾਲ ਸਿੰਘ ਸਰਪੰਚ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਸੰਗਰੂਰ ਵਿਖੇ 12 ਮੁਕੱਦਮੇ ਦਰਜ, 14 ਵਿਅਕਤੀ ਗ੍ਰਿਫਤਾਰ - ਐਸ.ਐਸ.ਪੀ ਸਰਤਾਜ ਸਿੰਘ ਚਾਹਲ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਐਸ.ਐਸ.ਪੀ. ਸੰਗਰੂਰ ਸ੍ਰੀ ਸਰਤਾਜ ਸਿੰਘ ਚਾਹਲ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.02.2025 ਤੋਂ 14.02.2025 ਤੱਕ ਡਰੱਗ ਦੇ 08 ਮੁਕੱਦਮੇ ਦਰਜ ਕਰਕੇ 10 ਕਥਿਤ ਦੋਸ਼ੀ ਕਾਬੂ ਕਰਕੇ 77 ਗ੍ਰਾਮ ਹੈਰੋਇਨ, 10 ਕਿੱਲੋ ਭੁੱਕੀ ਚੂਰਾ ਪੋਸਤ, 450 ਗ੍ਰਾਮ ਅਫੀਮ, 2060 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਉਨ੍ਹਾਂ ਦੱਸਿਆ ਕਿ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 04 ਮੁਕੱਦਮੇ ਦਰਜ ਕਰਕੇ 04 ਕਥਿਤ ਦੋਸ਼ੀਆਂ ਨੂੰ ਕਾਬੂ ਕਰਕੇ 36 ਲੀਟਰ ਸਰਾਬ ਠੇਕਾ ਦੇਸੀ, 15 ਲੀਟਰ ਸ਼ਰਾਬ ਨਜਾਇਜ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 02 ਕਥਿਤ ਦੋਸ਼ੀ ਕਾਬੂ ਕੀਤੇ ਅਤੇ 03 ਪਿਸਟਲ/ਰਿਵਾਲਵਰ ਸਮੇਤ 06 ਮੈਗਜੀਨ ਬ੍ਰਾਮਦ ਕਰਾਏ ਗਏ। ਐਸਐਸਪੀ ਸ਼੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਮਿਤੀ 05.02.2025 ਨੂੰ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ "ਛੇਵੀਂ ਐਂਟੀ ਡਰੱਗ ਅਵੇਅਰਨੈਸ ਕੰਪੇਨ" ਤਹਿਤ ਵਾਰ ਹੀਰੋਜ਼ ਸਟੇਡੀਅਮ ਸੰਗਰੂਰ ਵਿਖੇ ਪੰਜਾਬ ਪੱਧਰ ਦੀ ਜੂਨੀਅਰ ਅਥਲੈਟਿਕਸ ਮੀਟ ਕਰਵਾਈ ਗਈ, ਜਿਸ ਵਿੱਚ 845 ਤੋਂ ਵੱਧ ਅਥਲੀਟਸ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਮਿਤੀ 08.02.2025 ਨੂੰ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਪਿਛਲੇ ਮਹੀਨਿਆਂ ਦੌਰਾਨ ਸ਼ਾਨਦਾਰ ਪੁਲਿਸ ਸੇਵਾਵਾਂ ਨਿਭਾਉਣ ਸਬੰਧੀ 11 ਗਜਟਿਡ ਅਫਸਰਾਨ ਨੂੰ ਐਪਰੀਸ਼ੀਏਸ਼ਨ ਲੈਟਰ, 72 ਅਧਿਕਾਰੀਆਂ/ਕਰਮਚਾਰੀਆਂ ਨੂੰ ਡੀ.ਜੀ.ਪੀ ਡਿਸਕਾਂ, 1800 ਕਰਮਚਾਰੀਆਂ ਨੂੰ ਪ੍ਰਸ਼ੰਸਾ ਪੱਤਰ ਦਰਜਾ ਪਹਿਲਾ ਸਮੇਤ 21,00,000/- ਰੁਪਏ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਸ਼੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਮਿਤੀ 09.02.2025 ਨੂੰ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਸ਼ਹਿਰ ਸੰਗਰੂਰ ਵਿਖੇ ਹੋਈ ਚੋਰੀ ਦੀ ਵਾਰਦਾਤ ਨੂੰ 24 ਘੰਟਿਆਂ ਅੰਦਰ ਟਰੇਸ ਕਰਕੇ 04 ਕਥਿਤ ਦੋਸ਼ੀਆਂ ਨੂੰ ਕਾਬੂ ਕੀਤਾ ਅਤੇ ਉਨ੍ਹਾਂ ਪਾਸੋਂ ਚੋਰੀ ਸ਼ੁਦਾ ਸਮਾਨ ਬ੍ਰਾਮਦ ਕਰਵਾਇਆ ਗਿਆ। ਐਸਐਸਪੀ ਵੱਲੋਂ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੁਕ ਕੀਤਾ ਜਾ ਰਿਹਾ ਹੈ। ਇਸ ਸਮੇਂ ਦੌਰਾਨ ਵੱਖ ਵੱਖ ਗਜਟਿਡ ਅਫਸਰਾਂ ਵੱਲੋਂ 20 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਐਸਐਸਪੀ ਨੇ ਕਿਹਾ ਕਿ ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਨਸ਼ਿਆਂ ਖਿਲਾਫ ਜੰਗ ਜਾਰੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ "ਵਾਰਿਸ ਪੰਜਾਬ ਦੇ" ਵੱਲੋਂ

# ਅੰਮ੍ਰਿਤਸਰ ਸ਼ਹਿਰੀ ਢਾਂਚੇ ਦੇ ਵਿਸਥਾਰ ਸਬੰਧੀ ਹੋਈ ਵਿਸ਼ੇਸ਼ ਮੀਟਿੰਗ







**ਅੰਮ੍ਰਿਤਸਰ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ "ਵਾਰਿਸ ਪੰਜਾਬ ਦੇ" ਵੱਲੋਂ ਅੱਜ ਅੰਮ੍ਰਿਤਸਰ ਸ਼ਹਿਰ ਵਿੱਚ ਅਬਜ਼ਰਵਰ ਭਾਈ ਅਮਨਦੀਪ ਸਿੰਘ ਜੀ ਡੱਡੂਆਣਾਂ ਅਤੇ ਮੁੱਖ ਕਾਰਜਕਾਰੀ ਕਮੇਟੀ ਮੈਂਬਰ ਜਿੰਨਾਂ ਵਿੱਚ ਭਾਈ ਭੁਪਿੰਦਰ ਸਿੰਘ ਜੀ ਗੱਦਲੀ, ਭਾਈ ਸ਼ਮਸ਼ੇਰ ਸਿੰਘ ਜੀ ਪੱਧਰੀ, ਭਾਈ ਹਰਜੀਤ ਸਿੰਘ ਜੀ ਪੁਰੇਵਾਲ, ਭਾਈ ਕੁਲਬੀਰ ਸਿੰਘ ਜੀ ਗੰਡੀਵਿੰਡ ਅਤੇ ਭਾਈ ਪਰਵਿੰਦਰ ਸਿੰਘ ਜੀ ਦੀ ਅਗਵਾਈ ਹੇਠ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਪਾਰਟੀ ਦੇ ਮੁੱਖ ਆਗੂਆਂ ਭਾਈ ਸੁਖਦੇਵ ਸਿੰਘ ਜੀ ਕਾਦੀਆਂ, ਭਾਈ ਹਰਭਜਨ ਸਿੰਘ ਜੀ ਤੁੜ ਅਤੇ ਭਾਈ ਹਰਭਜਨ ਸਿੰਘ ਜੀ ਦੇ ਨਾਲ ਸ੍ਰ ਬਾਬੂ ਸਿੰਘ ਜੀ ਬਰਾੜ ਉਚੇਚੇ ਤੌਰ ਤੇ ਪਹੁੰਚੇ। ਇਸ ਮੌਕੇ ਤੇ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਭਾਈ ਧਨਵੰਤ ਸਿੰਘ ਜੀ, ਭਾਈ ਦਯਾ ਸਿੰਘ ਜੀ, ਭਾਈ ਦਿਲਰਾਜ ਸਿੰਘ ਜੀ, ਭਾਈ ਵਿਕਰਮਜੀਤ ਸਿੰਘ ਜੀ @ ਪਾਰਸ ਸਿੰਘ ਜੀ, ਸ੍ਰੀ ਵਰਿੰਦਰ ਸ਼ਰਮਾ ਜੀ, ਤਾਰਿਕ ਮੁਹੰਮਦ ਜੀ, ਭਾਈ ਸਵਰਨ ਸਿੰਘ ਜੀ ਗੋਲਡਨ, ਭਾਈ ਜਸਪਾਲ ਸਿੰਘ ਜੀ, ਭਾਈ ਹਰਮਿੰਦਰ ਸਿੰਘ ਜੀ, ਭਾਈ ਮਨਜੀਤ ਸਿੰਘ ਜੀ ਸੈਣੀ, ਭਾਈ ਕੁਲਵਿੰਦਰ ਸਿੰਘ ਜੀ ਮਾਨ, ਭਾਈ ਕਵਲਜੀਤ ਸਿੰਘ ਜੀ ਤਲਵੰਡੀ, ਭਾਈ ਲਖਵਿੰਦਰ ਸਿੰਘ ਜੀ ਢਿੰਗਨੰਗਲ, ਭਾਈ ਦਲਜੀਤ ਸਿੰਘ ਜੀ ਤਲਵੰਡੀ, ਭਾਈ ਕਿਸ਼ਨ ਸਿੰਘ ਜੀ ਤਲਵੰਡੀ ਦਸੌਂਧਾ ਸਿੰਘ, ਭਾਈ ਰਾਜਵਿੰਦਰ ਸਿੰਘ ਤਲਵੰਡੀ ਦਸੌਂਧਾ ਸਿੰਘ, ਭਾਈ ਸੁਖਪ੍ਰੀਤ ਸਿੰਘ ਅਜਨਾਲਾ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਸਤਿੰਦਰਪਾਲ ਸਿੰਘ ਜੀ, ਭਾਈ ਕੰਵਲਜੀਤ ਸਿੰਘ ਮਨੀ, ਭਾਈ ਸੌਦਾਗਰ ਸਿੰਘ ਜੀ, ਭਾਈ ਰਘੁਬੀਰ ਸਿੰਘ ਭੁੱਚਰ, ਭਾਈ ਮਹਿੰਦਰਪਾਲ ਸਿੰਘ ਤੁੰਗ ਅਤੇ ਭਾਈ ਗੁਰਜੀਤ ਸਿੰਘ ਜੀ ਕੌਹਾਲੀ ਵਓ ਮੌਜੂਦ ਸਨ। ਇਸ ਮੀਟਿੰਗ ਵਿੱਚ ਪਾਰਟੀ ਦੇ ਸ਼ਹਿਰੀ ਢਾਂਚੇ ਦਾ ਵਿਸਥਾਰ ਕਰਕੇ ਹੋਰ ਮਜ਼ਬੂਤ ਬਣਾਉਣ ਅਤੇ ਜ਼ਮੀਨੀ ਪੱਧਰ 'ਤੇ ਪਾਰਟੀ ਦੀ ਪਹੁੰਚ ਵਧਾਉਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਸ੍ਰ ਬਾਬੂ ਸਿੰਘ ਜੀ ਬਰਾੜ ਨੇ ਸ਼ਹਿਰੀ ਢਾਂਚੇ ਦੇ ਵਿਸਥਾਰ ਲਈ ਬੋਲਦਿਆਂ ਹੋਇਆਂ ਕਿਹਾ ਹਰ ਵਾਰਡ ਵਿੱਚ ਪਾਰਟੀ ਦੀ ਪੰਜ-ਪੰਜ ਮੈਂਬਰੀ ਕਮੇਟੀ ਬਣਾਈ ਜਾਵੇਗੀ, ਜੋ ਗਲੀਆਂ-ਮੁਹੱਲਿਆਂ ਤੱਕ ਪਾਰਟੀ ਦੀ ਅਵਾਜ਼ ਨੂੰ ਪਹੁੰਚਾਏਗੀ। ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਵਿਸ਼ੇਸ਼ ਯੋਜਨਾ ਤਿਆਰ ਕਰਕੇ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਪਾਰਟੀ ਦੀ ਪਹੁੰਚ ਵਧਾਈ ਜਾਵੇਗੀ। ਸ਼ਹਿਰ ਦੀਆਂ ਮਹਿਲਾਵਾਂ ਨੂੰ ਵੱਡੇ ਪੱਧਰ 'ਤੇ ਪਾਰਟੀ ਨਾਲ ਜੋੜਨ ਲਈ ਵਿਸ਼ੇਸ਼ ਪ੍ਰੋਗਰਾਮ ਲਾਏ ਜਾਣਗੇ। ਪਾਰਟੀ ਦੀ ਨੀਤੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮਿਸ਼ਨ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਸੋਸ਼ਲ ਮੀਡੀਆ ਟੀਮ ਦਾ ਵਿਸਥਾਰ ਵੀ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਅੰਮ੍ਰਿਤਸਰ ਦੇ ਲੋਕਾਂ ਨੂੰ ਪਾਣੀ, ਬਿਜਲੀ, ਟ੍ਰੈਫਿਕ, ਵਿਕਾਸ ਅਤੇ ਹੋਰ ਜਨਤਕ ਮੁੱਦਿਆਂ ਨੂੰ ਲੈ ਕੇ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਸਬੰਧ ਵਿੱਚ ਜ਼ਮੀਨੀ ਪੱਧਰ 'ਤੇ ਸੰਘਰਸ਼ ਕਰਕੇ ਲੋਕਾਂ ਦੀ ਆਵਾਜ਼ ਬਣਿਆ ਜਾਵੇਗਾ ਨਾਲ ਹੀ ਬੱਚਿਆਂ ਨੂੰ ਸਿੱਖ ਇਤਿਹਾਸ ਅਤੇ ਪੰਜਾਬ ਦੀ ਵਿਰਾਸਤ ਨਾਲ ਜੋੜਿਆ ਜਾਵੇਗਾ। ਇਸ ਮੌਕੇ ਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਬੋਲਦਿਆਂ ਹੋਇਆਂ ਕਿਹਾ ਕਿ ਹਰ ਕੋਈ, ਚਾਹੇ ਉਹ ਕਿਸੇ ਵੀ ਵਰਗ ਨਾਲ ਸਬੰਧ ਰੱਖਦਾ ਹੋਵੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੈਂਬਰਸ਼ਿਪ ਲੈਣ ਸਕਦਾ ਹੈ ਅਤੇ ਪੰਥ ਬਚਾਓ ਪੰਜਾਬ ਬਚਾਓ ਲਹਿਰ ਦਾ ਹਿੱਸਾ ਬਣ ਸਕਦਾ ਹੈ। ਇਸ ਮੌਕੇ ਤੇ ਭਾਈ ਅਮਨਦੀਪ ਸਿੰਘ ਜੀ ਡੱਡੂਆਣਾਂ ਨੇ ਕਿਹਾ ਕਿ ਸਾਡੀ ਪਾਰਟੀ ਇਕ ਲੋਕਪੱਖੀ ਅਜੰਡਾ ਲੈ ਕੇ ਸ਼ਹਿਰ ਦੀ ਹਰ ਵਾਰਡ ਵਿੱਚ ਮਜ਼ਬੂਤ ਢੰਗ ਨਾਲ ਖੜ੍ਹੀ ਹੋਵੇਗੀ ਅਤੇ ਨਾਲ ਹੀ ਅਗਲੇ ਦਿਨਾਂ ਵਿੱਚ ਪਾਰਟੀ ਵੱਲੋਂ ਸ਼ਹਿਰ ਦੇ ਹਰ ਹਲਕੇ ਵਿੱਚ ਮੀਟਿੰਗਾਂ ਕਰਕੇ ਨਵੇਂ ਆਗੂਆਂ ਦੀ ਚੋਣ ਕੀਤੀ ਜਾਵੇਗੀ ਅਤੇ ਪਾਰਟੀ ਦੀ ਸੰਰਚਨਾ ਨੂੰ ਹੋਰ ਵਧਾਇਆ ਜਾਵੇਗਾ।

**ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਯੂਨੀਵਰਸਿਟੀਆਂ ਅਤੇ ਕਾਲਜਾਂ ਤੱਕ ਪਹੁੰਚ ਕੀਤੀ ਜਾਵੇਗੀ : ਬਾਬੂ ਸਿੰਘ ਬਰਾੜ**

### ਲੰਪੀ ਸਕਿਨ ਦੀ ਰੋਕਥਾਮ ਲਈ ਜਿਲ੍ਹਾ ਪੱਧਰੀ ਟੀਕਾ ਕਰਨ ਮੁਹਿੰਮ ਦੀ ਤਲਵੰਡੀ ਸਾਬੋ ਤੋਂ ਕੀਤੀ ਸ਼ੁਰੂਆਤ

# ਜਥੇਦਾਰ ਦਰਸ਼ਨ ਸਿੰਘ ਨੇ ਹਰੀ ਝੰਡੀ ਦਿਖਾ ਕੇ ਟੀਕਾਕਰਨ ਵਾਲੀਆਂ ਟੀਮਾਂ ਨੂੰ ਕੀਤਾ ਰਵਾਨਾ

**ਤਲਵੰਡੀ ਸਾਬੋ, 16 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਹੇਠ ਮਹਿਕਮੇ ਵੱਲੋਂ ਗਾਵਾਂ 'ਚ ਲੰਪੀ ਸਕਿਨ ਰੋਗ ਦੀ ਰੋਕਥਾਮ ਲਈ ਸੂਬੇ ਭਰ 'ਚ ਵੈਕਸੀਨ ਲਗਾਉਣ ਦੀ ਆਰੰਭੀ ਮੁਹਿੰਮ ਤਹਿਤ ਜਿਲ੍ਹਾ ਪੱਧਰੀ ਟੀਕਾ ਕਰਨ ਪ੍ਰੋਗਰਾਮ ਦੀ ਸ਼ੁਰੂਆਤ ਇਤਿਹਾਸਿਕ ਨਗਰ ਤਲਵੰਡੀ ਸਾਬੋ ਤੋਂ ਕੀਤੀ ਗਈ ਅਤੇ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬਲਜਿੰਦਰ ਕੌਰ ਦੇ ਪਿਤਾ ਅਤੇ ਪੰਥਕ ਆਗੂ ਜਥੇਦਾਰ ਦਰਸ਼ਨ ਸਿੰਘ ਜਗਾ ਰਾਮ ਤੀਰਥ ਨੇ ਹਰੀ ਝੰਡੀ ਦਿਖਾਕੇ ਰਸਮੀ ਤੌਰ 'ਤੇ ਟੀਕਾ ਕਰਨ ਵਾਲੀਆਂ ਟੀਮਾਂ ਨੂੰ ਰਵਾਨਾ ਕੀਤਾ। ਅੱਜ ਤਲਵੰਡੀ ਸਾਬੋ ਦੀ ਸੰਤ ਮਹੇਸ਼ ਮੁਨੀ ਹਰੇ ਕ੍ਰਿਸ਼ਨਾ ਗਊਸ਼ਾਲਾ ਵਿਖੇ ਪਸ਼ੂ ਪਾਲਣ ਵਿਭਾਗ ਵੱਲੋਂ ਰੱਖੇ ਉਕਤ ਜਿਲ੍ਹਾ ਪੱਧਰੀ ਸਮਾਗਮ 'ਚ ਪੁੱਜੀਆਂ ਸਖਸ਼ੀਅਤਾਂ ਨੂੰ ਸਭ ਤੋਂ ਪਹਿਲਾਂ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਪ੍ਰਸ਼ੋਤਮ ਕੁਮਾਰ ਨੇ ਜੀ ਆਇਆਂ ਆਖਿਆ। ਸਮਾਗਮ ਚ ਵਿਸ਼ੇਸ ਤੌਰ 'ਤੇ ਪੁੱਜੇ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬੀਬਾ ਬਲਜਿੰਦਰ ਕੌਰ ਦੇ ਪਿਤਾ ਜਥੇਦਾਰ ਦਰਸ਼ਨ ਸਿੰਘ ਨੇ ਸਰਕਾਰ ਵੱਲੋਂ ਸ਼ੁਰੂ ਕੀਤੀ ਟੀਕਾਕਰਨ ਮੁਹਿੰਮ ਦੀ ਸ਼ਲਾਘਾ ਕਰਦਿਆਂ ਉਮੀਦ ਪ੍ਰਗਟਾਈ ਕਿ ਪਸ਼ੂ ਪਾਲਣ ਵਿਭਾਗ ਅੱਗੇ ਤੋਂ ਵੀ ਅਜਿਹੇ ਲਾਭਕਾਰੀ ਪ੍ਰੋਗਰਾਮ ਉਲੀਕਦਾ ਰਹੇਗਾ। ਪਸ਼ੂ ਪਾਲਣ ਵਿਭਾਗ ਵੱਲੋਂ ਪੁੱਜੇ ਸੀਨੀਅਰ ਵੈਟਰਨਰੀ ਅਫਸਰ ਡਾ.ਸੰਜੀਵ ਕੁਮਾਰ ਨੇ ਉਕਤ ਟੀਕਾਕਰਨ ਮੁਹਿੰਮ ਦੇ ਮਨੋਰਥ ਤੋਂ ਜਾਣੂੰ ਕਰਵਾਉਦਿਆਂ ਸਮੁੱਚੇ ਗਊ ਪਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਸ਼ੂਆਂ ਦੇ ਇਹ ਵੈਕਸੀਨ ਜ਼ਰੂਰ ਲਗਵਾਉਣ ਤਾਂਕਿ ਪਸ਼ੂਆਂ ਨੂੰ ਲੰਪੀ ਸਕਿਨ ਵਰਗੀ ਭਿਆਨਕ ਬਿਮਾਰੀ ਤੋਂ ਭਵਿੱਖ 'ਚ ਬਚਾਇਆ ਜਾ ਸਕੇ। ਉਨਾਂ ਨੇ ਪੁੱਜੀਆਂ ਸਖਸ਼ੀਅਤਾਂ ਦਾ ਆਪਣੇ ਮਹਿਕਮੇ ਵੱਲੋਂ ਧੰਨਵਾਦ ਵੀ ਕੀਤਾ। ਉੱਧਰ ਸਮਾਗਮ ਉਪਰੰਤ ਜਥੇਦਾਰ ਦਰਸ਼ਨ ਸਿੰਘ ਜਗਾ ਰਾਮ ਤੀਰਥ ਨੇ ਹਰੀ ਝੰਡੀ ਦਿਖਾ ਕੇ ਟੀਕਾ ਕਰਨ ਵਾਲੀਆਂ ਟੀਮਾਂ ਨੂੰ ਰਵਾਨਾ ਕੀਤਾ ਜਦੋਂਕਿ ਇਸ ਮੌਕੇ ਵਿਸ਼ੇਸ ਤੌਰ ਤੇ ਬੀਬੀ ਗੁਰਪ੍ਰੀਤ ਕੌਰ ਚੇਅਰਪਰਸਨ ਮਾਰਕਿਟ ਕਮੇਟੀ ਰਾਮਾਂ, ਬੀਬੀ ਕੁਲਵੀਰ ਕੌਰ ਪ੍ਰਧਾਨ ਨਗਰ ਕੌਂਸਲ ਤਲਵੰਡੀ ਸਾਬੋ ਵੱਲੋਂ ਉਨ੍ਹਾਂ ਦੇ ਸਪੁੱਤਰ ਹਰਜੀਤ ਸਿੰਘ ਸਰਾਂ, ਸਮਾਜ ਸੇਵੀ ਤਰਸੇਮ ਸਿੰਗਲਾ, ਸੁਖਦੇਵ ਸਿੰਘ ਚਾਵਲਾ ਕੌਂਸਲਰ, ਰਾਜ ਕੁਮਾਰ ਖਜ਼ਾਨਚੀ ਗਊਸ਼ਾਲਾ ਕਮੇਟੀ, ਸੰਦੀਪ ਕੁਮਾਰ, ਕੇਸ਼ੀ ਜੀਵਨ ਸਿੰਘ ਵਾਲਾ ਆਦਿ ਸਖਸ਼ੀਅਤਾਂ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਦੇ ਹਰਪ੍ਰੀਤ ਸਿੰਘ ਨੰਗਲਾ, ਕੁਲਦੀਪ ਸਿੰਘ ਅਤੇ ਹਰਦੀਪ ਸਿੰਘ ਗਿਆਨਾ ਆਦਿ ਵੀ ਮੌਜੂਦ ਰਹੇ।



# ਗਹਿਰੀ ਪਿੰਡ ਨੂੰ ਮਾਡਲ ਗ੍ਰਾਮ ਵਜੋਂ ਕੀਤਾ ਜਾਵੇਗਾ ਵਿਕਸਿਤ

## ਈਟੀਓ ਪਿੰਡ ਦੇ ਕੰਮਾਂ ਉੱਤੇ ਖਰਚ ਕੀਤੇ ਜਾਣਗੇ 8.38 ਕਰੋੜ ਰੁਪਏ



**ਜੰਡਿਆਲਾ ਗੁਰੂ, 16 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਹਲਕੇ ਦੇ ਪਿੰਡ ਗਹਿਰੀ ਮੰਡੀ ਨੂੰ ਮਾਡਲ ਗ੍ਰਾਮ ਵਜੋਂ ਵਿਕਸਿਤ ਕਰਨ ਲਈ ਪਿੰਡ ਵਿੱਚ ਪੰਚਾਇਤ ਮੋਹਤਬਰਾਂ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਫੈਸਲਾ ਲਿਆ ਕੇ ਪਿੰਡ ਨੂੰ ਸਮੇਂ ਦਾ ਹਾਣੀ ਅਤੇ ਸੁੰਦਰ ਬਣਾਇਆ ਜਾਵੇਗਾ ਉਹਨਾਂ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਨੇ ਪਿੰਡ ਵਾਸੀਆਂ ਨਾਲ ਵਿਚਾਰ ਕਰਕੇ ਪਿੰਡ ਵਿੱਚ ਇੰਟਰਲੋਕ ਟਾਈਲਾਂ, ਪਾਰਕ, ਪਲੇਗਰਾਊਂਡ, ਡਰੇਨਜ ਸਿਸਟਮ ਅਤੇ ਸੁੰਦਰਤਾ ਦੇ ਹੋਰ ਕੰਮ ਕਰਵਾਉਣ ਦਾ ਫੈਸਲਾ ਲਿਆ ਹੈ ਅਤੇ ਮੈਨੂੰ ਇਹ ਕੰਮ ਕਰਵਾਉਣ ਦੀ ਹਦਾਇਤ ਕੀਤੀ ਸੀ, ਜਿਸ ਦੇ ਚਲਦੇ ਮੈਂ ਵਿਭਾਗ ਕੋਲੋਂ ਇਨਾਂ ਕੰਮਾਂ ਦਾ ਅਸਟੀਮੇਟ ਲਵਾਇਆ ਹੈ, ਜਿਸ ਅਨੁਸਾਰ ਸਾਰੇ ਕੰਮਾਂ ਉੱਤੇ ਅੱਠ ਕਰੋੜ ਤੋਂ ਵੱਧ ਰੁਪਏ ਦੀ ਰਾਸ਼ੀ ਖਰਚ ਹੋਵੇਗੀ। ਉਹਨਾਂ ਨੇ ਮੌਕੇ ਉੱਤੇ ਹੀ ਇਹਨਾਂ ਕੰਮਾਂ ਨੂੰ ਕਰਵਾਉਣ ਦੀ ਹਦਾਇਤ ਕਰਦੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਨੂੰ ਸ਼ਹਿਰਾਂ ਦੇ ਬਰਾਬਰ ਸਹੂਲਤਾਂ ਦੇਣਾ ਚਾਹੁੰਦੀ ਹੈ ਅਤੇ ਇਸ ਕੰਮ ਉੱਤੇ ਜਿੰਨੇ ਵੀ ਪੈਸੇ ਲੱਗਣਗੇ, ਲਗਾਏ ਜਾਣਗੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੈਂ ਜੰਡਿਆਲਾ ਗੁਰੂ ਹਲਕੇ ਲਈ ਜੋ ਵੀ ਪ੍ਰੋਜੈਕਟ ਸ਼ੁਰੂ ਕੀਤਾ ਹੈ, ਉਸ ਦੀ ਪ੍ਰਵਾਨਗੀ ਤੁਰੰਤ ਮਿਲਦੀ ਰਹੀ ਹੈ ਅਤੇ ਪੈਸੇ ਵੀ ਜਾਰੀ ਹੁੰਦੇ ਹਨ। ਇਸ ਲਈ ਇਹ ਕੰਮ ਵੀ ਛੇਤੀ ਸ਼ੁਰੂ ਕਰਵਾਏ ਜਾਣਗੇ ਅਤੇ ਜੇਕਰ ਲੋੜ ਅਨੁਸਾਰ ਕੋਈ ਹੋਰ ਕੰਮ ਵੀ ਨਾਲ ਕਰਵਾਉਣ ਦੀ ਲੋੜ ਪਈ ਤਾਂ ਉਹ ਵੀ ਕਰਵਾ ਕੇ ਪਿੰਡ ਨੂੰ ਮਾਡਲ ਗ੍ਰਾਮ ਵਜੋਂ ਵਿਕਸਿਤ ਕੀਤਾ ਜਾਵੇਗਾ। ਇਸ ਮੌਕੇ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਗਰਮ ਜੋਸ਼ੀ ਨਾਲ ਜੈਕਾਰੇ ਲਗਾਉਂਦੇ ਹੋਏ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ। ਇਸ ਮੌਕੇ ਸ੍ਰੀ ਨਰੇਸ਼ ਪਾਠਕ ਮੈਂਬਰ ਐਸਐਸਐਸਬੋਰਡ, ਸਤਿੰਦਰ ਸਿੰਘ, ਸਰਬਜੀਤ ਡਿੰਪੀ,ਸਵਰਣ ਸਿੰਘ ਗਹਿਰੀ, ਜਗਜੀਤ ਸਿੰਘ ਗਹਿਰੀ, ਪੱਪੂ ਕਰਿਆਨਾ ਵਾਲੇ, ਸੁਰਜੀਤ ਕੰਗ ਅਤੇ ਹੋਰ ਮੋਹਤਬਰ ਹਾਜ਼ਰ ਸਨ।

# ਅਮਰੀਕਾ ਤੋਂ ਆਏ ਨੌਜਵਾਨਾਂ ਦੇ ਹੱਕ 'ਚ ਆਏ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਨੁਮਾਇੰਦੇ

## ਕੇਂਦਰ ਤੇ ਪੰਜਾਬ ਸਰਕਾਰ ਇਨ੍ਹਾਂ ਨੌਜਵਾਨਾਂ ਦੀ ਫੜੇ ਬਾਂਹ ਤੇ ਮੁੜ ਵਸੇਬੇ ਦਾ ਪ੍ਰਬੰਧ ਕਰੇ



ਬੀਤੇ ਦਿਨੀਂ ਅਮਰੀਕਾ ਤੋਂ ਇੱਕ ਹੋਰ ਜਹਾਜ਼ ਡਿਪੋਰਟ ਹੋਏ ਭਾਰਤੀਆਂ ਨੂੰ ਲੈ ਕੇ ਅੰਮ੍ਰਿਤਸਰ ਏਅਰਪੋਰਟ ਪਹੁੰਚਿਆ। ਡਿਪੋਰਟ ਹੋਏ ਨੌਜਵਾਨਾਂ ਦੇ ਹੱਕ 'ਚ ਆਏ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਦਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਅਮਰੀਕਾ ਤੋਂ ਦੇਸ਼ ਨਿਕਾਲਾ ਹੋਏ 116 ਨੌਜਵਾਨ ਅੰਮ੍ਰਿਤਸਰ ਦੀ ਪਵਿੱਤਰ ਧਰਤੀ ਦੇ ਏਅਰਪੋਰਟ ਪਹੁੰਚੇ ਹਨ।

ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਦੇ ਨਾਲ ਕੁਝ ਹੋਰ ਸੂਬਿਆਂ ਦੇ ਨੌਜਵਾਨ ਵੀ ਆਪਣੇ ਮੁਲਕ ਵਾਪਸ ਪਹੁੰਚੇ ਹਨ। ਪੰਜਾਬ ਦੇ ਸੀਐਮ ਭਗਵੰਤ ਮਾਨ ਅਤੇ ਕੇਂਦਰੀ ਮੰਤਰੀ ਉਨ੍ਹਾਂ ਨੌਜਵਾਨਾਂ ਨੂੰ ਅਗਾਊਂ ਲੈਣ ਵਾਸਤੇ ਗਏ ਬਹੁਤ ਚੰਗੀ ਗੱਲ ਹੈ ਕਿ ਉਨ੍ਹਾਂ ਨੌਜਵਾਨਾਂ ਨੂੰ ਆਪਣੀ ਗਲਵਕੜੀ ਵਿਚ ਲਿਆ ਅਤੇ ਹੌਂਸਲਾ ਦਿੱਤਾ ਹੈ। ਰੁਸਤਮ ਮੋਰਿੰਡਾ ਨੇ ਕਿਹਾ ਕਿ ਇਹ ਸਮੱਸਿਆ ਸਾਡੇ ਲਈ ਆਉਣ ਵਾਲੇ ਸਮੇਂ 'ਚ ਗੰਭੀਰ ਬਣਨ ਦੇ ਖਦਸ਼ੇ ਹਨ। ਕਿਉਂਕਿ ਜਿਸ ਤਰੀਕੇ ਦੇ ਵਿਦੇਸ਼ਾਂ ਵਿਚ ਹਾਲਾਤ ਬਣ ਰਹੇ ਹਨ, ਜਿਵੇਂ ਖਾਸ ਕਰ ਕੇ ਕੈਨੇਡਾ ਵਿਚ ਬੇਰਜ਼ੁਗਾਰੀ ਪਸਰ ਰਹੀ ਹੈ। ਉਨ੍ਹਾਂ ਕਿਹਾ ਕਿ ਕਈ ਬੱਚੇ ਆਪਣੀ ਸਵੈ ਇੱਛਾ ਅਨੁਸਾਰ ਭਾਰਤ ਆਉਣ ਨੂੰ ਤਿਆਰ ਬੈਠੇ ਹਨ। ਪਰ ਉਨ੍ਹਾਂ 'ਚ ਕੁਝ ਨੌਜਵਾਨ ਤਾਂ ਆਪਣਾ ਜ਼ਮੀਨ 'ਤੇ ਖੇਤੀਬਾੜੀ ਕਰ ਲੈਣਗੇ ਪਰ ਵੱਡੀ ਗਿਣਤੀ ਵਿਚ ਨੌਜਵਾਨ ਕਰਜ਼ੇ ਚੁੱਕ ਕੇ ਗਿਆ ਹੋਇਆ ਹੈ ਜੇ ਇਹ ਨੌਜਵਾਨ ਵਾਪਸ ਆਉਂਦੇ ਹਨ ਤਾਂ ਹਾਲਾਤ ਗੰਭੀਰ ਬਣਨ ਦੇ ਆਸਾਰ ਹਨ। ਕਿਉਂਕਿ ਉਨ੍ਹਾਂ 'ਤੇ ਘਰ ਦਾ ਗੁਜ਼ਾਰਾ ਚਲਾਉਣ ਦੇ ਨਾਲ-ਨਾਲ ਕਰਜ਼ਾ ਉਤਾਰਨ ਦਾ ਵੀ ਦਬਾਅ ਹੋਵੇਗਾ।

**ਨੌਜਵਾਨਾਂ ਦੀ ਬਾਂਹ ਫੜੇ ਤੇ ਮੁੜ ਵਸੇਬੇ ਦਾ ਇੰਤਜ਼ਾਮ ਹੋਵੇ**

ਉਨ੍ਹਾਂ ਕਿਹਾ ਕਿ ਪੰਜਾਬ ਅਤੇ ਕੇਂਦਰ ਸਰਕਾਰ ਉਨ੍ਹਾਂ ਦੀ ਬਾਂਹ ਫੜੇ ਉਨ੍ਹਾਂ ਦੇ ਮੁੜ ਵਸੇਬੇ ਦਾ ਇੰਤਜ਼ਾਮ ਕਰੇ ਅਤੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਦਾਅ 'ਤੇ ਲਾਉਣ ਵਾਲਿਆਂ ਖ਼ਿਲਾਫ਼ ਵੀ ਕਾਰਵਾਈ ਕਰੇ। ਕੇਂਦਰ ਅਤੇ ਪੰਜਾਬ ਸਰਕਾਰ ਇਸ ਬਾਰੇ ਜ਼ਰੂਰ ਵਿਚਾਰ ਕਰੇ।

**ਰੁਸਤਮ ਮੋਰਿੰਡਾ ਨੇ ਮੁੱਖ ਮੰਤਰੀ ਮਾਨ ਦੇ ਬਿਆਨ ਨਾਲ ਜਤਾਈ ਸਹਿਮਤੀ**

ਰੁਸਤਮ ਮੋਰਿੰਡਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਬਿਆਨ ਨਾਲ ਸਹਿਮਤੀ ਪ੍ਰਗਟਾਉਦਿਆਂ ਕਿਹਾ ਕਿ ਅੰਮ੍ਰਿਤਸਰ ਸਾਹਿਬ ਨੂੰ ਡਿਪੋਰਟ ਸੈਂਟਰ 'ਚ ਨਾ ਬਦਲਿਆ ਜਾਵੇ। ਉਨ੍ਹਾਂ ਨੇ ਕੇਂਦਰ ਦੇ ਉਸ ਤਰਕ ਨੂੰ ਵੀ ਖਾਰਿਜ ਕੀਤਾ ਕਿ ਅੰਮ੍ਰਿਤਸਰ ਸਾਹਿਬ ਅਮਰੀਕਾ ਤੋਂ ਨੇੜੇ ਪੈਂਦਾ ਹੋਣ ਕਾਰਣ ਹੀ ਐਥੇ ਜਹਾਜ਼ ਉਤਾਰੇ ਜਾ ਰਹੇ ਹਨ। ਰੁਸਤਮ ਮੋਰਿੰਡਾ ਨੇ ਅੱਗੇ ਕਿਹਾ ਕਿ ਜੇਕਰ ਸੱਚਮੁਚ ਅੰਮ੍ਰਿਤਸਰ ਸਾਹਿਬ ਨੇੜੇ ਪੈਂਦਾ ਹੈ ਤਾਂ ਮੁੱਖ ਮੰਤਰੀ ਦੀ ਮੰਗ ਮੁਤਾਬਿਕ ਇਥੋਂ ਅਮਰੀਕਾ ਕੈਨੇਡਾ ਨੂੰ ਸਿੱਧੀਆਂ ਕੌਮਾਂਤਰੀ ਉਡਾਨਾਂ ਦੀ ਪ੍ਰਵਾਨਗੀ ਦਿੱਤੀ ਜਾਣੀ ਚਾਹੀਦੀ ਹੈ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਵਿਖੇ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਆਰੰਭ 13 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ**

# ਲੜੀਵਾਰ ਭੋਗ ਪਾਏ ਤੇ ਧਾਰਮਿਕ ਦੀਵਾਨ ਸਜਾਏ : ਬਾਬਾ ਸੁਖਵਿੰਦਰ ਸਿੰਘ







**ਜੰਡਿਆਲਾ ਗੁਰੂ, 16 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਦੁਆਬਾ ਖੇਤਰ'ਚ ਧਾਰਮਿਕ ਅਤੇ ਸਮਾਜਿਕ ਕਾਰਜਾਂ ਲਈ ਮੋਹਰੀ ਜਾਣੇ ਜਾਂਦੇ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਫਿਲੌਰ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਸੰਤ ਜਰਨੈਲ ਸਿੰਘ ਜੀ ਅਤੇ ਸਵਰਗੀ ਮਾਤਾ ਪ੍ਰਕਾਸ਼ ਕੌਰ ਜੀ ਦੀ ਪ੍ਰੇਰਨਾ ਸਦਕਾ ਹਰ ਮਹੀਨੇ ਸ਼ਰਧਾਲੂਆਂ ਵੱਲੋਂ ਰਖਵਾਏ ਅਖੰਡ ਪਾਠਾਂ ਦੇ ਭੋਗ ਤੋਂ ਉਪਰੰਤ ਭਾਰੀ ਦਿਵਾਨ ਰਾਹੀਂ ਸਿੱਖ ਸੰਗਤਾਂ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਦੀ ਇੱਕ ਧਾਰਮਿਕ ਲਹਿਰ ਚਲਾਈ ਹੋਈ ਹੈ ਅਤੇ ਇਸੇ ਕੜੀ ਤਹਿਤ ਇਸ ਮਹੀਨੇ ਦੇ ਜੇਠੇ ਐਤਵਾਰ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਭਾਰੀ ਦਿਵਾਨ ਸਜਾਏ ਗਏ, ਧਾਰਮਿਕ ਬੁਲਾਰਿਆਂ ਤੇ ਸੰਤਾਂ ਮਹਾਪੁਰਸ਼ਾਂ ਦਾ ਸਨਮਾਨ ਕੀਤਾ ਗਿਆ ਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨਾਲ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਸਾਹਿਬ ਵਿਖੇ ਨੌ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ,ਦੋ ਸੰਪਟ ਸਮੇਤ ਜਪੁਜੀ ਸਾਹਿਬ ਟੋਟਲ 12 ਲੜੀਵਾਰ ਸਾਹਿਬ ਅਰੰਭ ਕੀਤੇ ਗਏ ਸਨ ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਸ਼ਬਦ ਗੁਰਬਾਣੀ ਕਥਾ ਵਿਚਾਰ ਤੋਂ ਉਪਰੰਤ ਧਾਰਮਿਕ ਸਮਾਗਮ ਦੀ ਅਰੰਭਤਾ ਹੋਈ ਜਿਸ ਵਿੱਚ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੀਤ ਸਿੰਘ, ਭਾਈ ਰਿੰਕੂ ਤੇ ਭਾਈ ਗੁਰਮੇਲ ਸਿੰਘ ਵੱਲੋਂ ਕੀਰਤਨ ਦੀ ਹਾਜ਼ਰੀ ਲਵਾਈ ਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ, ਭਾਈ ਕਰਮ ਸਿੰਘ ਜਲੰਧਰ ਵਾਲੇ ਤੇ ਗੁਰਦੁਆਰਾ ਬਾਉਲੀ ਸਾਹਿਬ ਫਿਲੌਰ ਦੇ ਕਥਾ ਵਿਚਾਰ ਵੱਲੋਂ ਕਥਾ ਵਿਚਾਰ ਰਾਹੀਂ ਹਾਜ਼ਰੀ ਲਵਾਈ ਤੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ, ਇਸ ਮੌਕੇ ਤੇ ਬੋਲਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਕਿਹਾ ਜਦੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਕਹੇ ਰਹੇ ਹਨ " ਬਾਣੀ ਗੁਰੂ, ਗੁਰੂ ਹੈ ਬਾਣੀ, ਵਿਚਿ ਬਾਣੀ ਅੰਮ੍ਰਿਤੁ ਸਾਰੇ, ਗੁਰਬਾਣੀ ਕਹੈ ਸੇਵਕ ਜਨ ਮਾਨੈ, ਪਰਤਖਿ ਗੁਰੂ ਨਿਸਤਾਰੇ ।। ਤਾਂ ਫਿਰ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਸਤਿਗੁਰੂ ਕਹਿਣ ਵਿਚ ਕੀ ਹਰਜ ਹੈ, ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਕਥਾ ਵਿਚਾਰ ਰਾਹੀਂ ਦੱਸਿਆ ਗੁਰੂ ਰਵਿਦਾਸ ਮਹਾਰਾਜ ਜੀ ਦੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਪਵਿੱਤਰ ਰੱਬੀ ਬਾਣੀ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਕਰਨਾ ਸਿਖਾਉਣ ਦੇ ਮਨੁੱਖ ਨੂੰ ਮੁਕਤੀ ਦਾ ਰਸਤਾ ਦਿਖਾਉਂਦੀ ਹੈ ਇਸ ਕਰਕੇ ਹਰ ਵਰਗ ਦੇ ਲੋਕਾਂ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਉਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ, ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਸਰਪ੍ਰਸਤ ਵੱਡੇ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਨੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਦੀ ਸਭਨਾਂ ਨੂੰ ਵਧਾਈ ਦਿੰਦਿਆਂ ਕਿਹਾ ਗੁਰਬਾਣੀ ਸਾਨੂੰ ਜਾਤਾਂ ਮਜ਼ਬਾਂ ਤੋਂ ਉਪਰ ਉਠ ਕੇ ਮੁਕਤੀ ਦਾ ਰਸਤਾ ਦਿਖਾਉਂਦੀ ਤੇ ਸਾਂਝੀਵਾਲਤਾ ਦਾ ਉਪਦੇਸ਼ ਦੇਂਦੀ ਹੈ, ਭਾਈ ਖਾਲਸਾ ਨੇ ਦੱਸਿਆ ਸਮਾਗਮ ਵਿੱਚ ਇੱਕ ਦਰਜਨ ਤੋਂ ਵੱਧ ਧਾਰਮਿਕ ਬੁਲਾਰਿਆਂ ਨੇ ਹਾਜ਼ਰੀ ਲਵਾਈ ਤੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਇਤਿਹਾਸ ਤੇ ਉਹਨਾਂ ਵੱਲੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਪਵਿੱਤਰ ਰੱਬੀ ਬਾਣੀ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ, ਸਮੂਹ ਅਖੰਡ ਪਾਠ ਸ਼ਰਧਾਲੂਆਂ, ਧਾਰਮਿਕ ਬੁਲਾਰਿਆ, ਸੰਤ ਮਹਾਂਪੁਰਸ਼ਾਂ ਦਾ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ, ਸੰਤ ਜਰਨੈਲ ਸਿੰਘ ਜੀ, ਡਾਕਟਰ ਅਮਰਜੋਤ ਸਿੰਘ ਸੰਧੂ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਤੇ ਕਾਰੋਬਾਰ ਸਰਦਾਰ ਸ੍ਰ ਗਰੇਵਾਲ ਲੁਧਿਆਣਾ ਨੇ ਸਾਂਝੇ ਤੌਰ ਤੇ ਸਨਮਾਨਿਤ ਕੀਤਾ ਅਤੇ ਗੁਰੂ ਕੇ ਲੰਗਰ ਗੁਰ ਮਰਯਾਦਾ ਅਨੁਸਾਰ ਲੰਗਰ ਦੀ ਪੰਗਤ ਵਿੱਚ ਬੈਠਕੇ ਛਕਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV


# ਕਿਸਾਨੀ ਮੰਗਾਂ ਦੇ ਹੱਲ ਲਈ ਕਿਸਾਨਾਂ ਨੂੰ ਕੀਤਾ ਲਾਮਬੰਦ

**ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :**— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਦੀ ਮੀਟਿੰਗ ਜ਼ਿਲਾ ਪ੍ਰਧਾਨ ਜੰਗੀਰ ਸਿੰਘ ਖਹਿਰਾ ਅਤੇ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ ਦੀ ਅਗਵਾਈ ਹੇਠ ਗੁਰਦੁਆਰਾ ਬਜੀਦਪੁਰ ਸਾਹਿਬ ਜ਼ਾਮਨੀ ਸਾਹਿਬ ਵਿਖੇ ਕੀਤੀ ਗਈ। ਇਸ ਮੌਕੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਲੁਧਿਆਣਾ ਜ਼ਿਲਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਅਤੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ 22 ਅਤੇ 23 ਫਰਵਰੀ ਨੂੰ ਜਥੇਬੰਦਕ ਇਜਲਾਸ ਜ਼ੋ ਕੇ ਗੁਰਦੁਆਰਾ ਮਸਤੂਆਣਾ ਸਾਹਿਬ ਸੰਗਰੂਰ ਵਿਖੇ ਕੀਤੀ ਜਾਵੇਗੀ, ਜਿਸ ਦੀ ਤਿਆਰੀ ਸਬੰਧੀ ਗੱਲਬਾਤ ਕੀਤੀ ਗਈ ਅਤੇ ਡੇਲੀਗੇਟ ਦੀਆਂ ਲਿਸਟਾਂ ਲਈਆਂ ਗਈਆਂ। ਇਸ ਮੌਕੇ ਪਿਛਲੇ ਸਮੇਂ ਵਿੱਚ ਇਤਹਾਸਿਕ ਕਿਸਾਨ ਘੋਲ ਜ਼ੋ ਕੇ ਲਗਭਗ 800 ਕਿਸਾਨਾਂ ਦੀਆਂ ਸ਼ਹਾਦਤਾਂ ਦੇਣ ਤੋਂ ਬਾਅਦ ਤਿੰਨ ਖੇਤੀ ਕਾਨੂੰਨ ਰੱਦ ਕਰਵਾ ਕੇ ਆਏ ਸੀ ਉਹੀ ਤਿੰਨ ਖੇਤੀ ਕਾਨੂੰਨ ਸੂਬਾ ਸਰਕਾਰ ਦੁਆਰਾ ਲਾਗੂ ਕਰਨ ਲਈ ਕੇਂਦਰ ਸਰਕਾਰ ਪੰਜਾਬ ਸਰਕਾਰ ਦੀ ਬਾਂਹ ਮਰੋੜ ਰਹੀ ਹੈ ਇਸ ਦੇ ਰੋਸ ਵਜੋਂ 5 ਮਾਰਚ 2025 ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਪਰ ਚੰਡੀਗੜ੍ਹ ਵਿਖੇ ਪੱਕਾ ਮੋਰਚਾ ਲਗਨ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਹੋਇਆ ਕਿਹਾ ਕਿ ਇਸ ਖੇਤੀ ਨੀਤੀ ਖਰੜੇ ਨੂੰ ਵਿਸ਼ੇਸ਼ ਸੈਸ਼ਨ ਬੁਲਾ ਕੇ ਇਸ ਕੌਮੀ ਨੀਤੀ ਖਰੜੇ ਨੂੰ ਰੱਦ ਕਰਨ ਅਤੇ ਕੇਂਦਰ ਸਰਕਾਰ ਨੂੰ ਵਾਪਸ ਭੇਜਿਆ ਜਾਵੇ। ਸੂਬਾ ਆਗੂ ਮਨਜੀਤ ਸਿੰਘ ਧਨੇਰ ਨੇ ਜ਼ਿਲਾ ਫਿਰੋਜ਼ਪੁਰ ਦੇ ਸਾਥੀਆਂ ਨੂੰ ਚੰਡੀਗੜ੍ਹ ਮੋਰਚੇ ਵਿੱਚ ਜਾਣ ਲਈ ਬਾਰੀਕੀ ਨਾਲ ਪ੍ਰੇਰਤ ਕੀਤਾ ਅਤੇ ਸਾਰੇ ਬਲਾਕ ਆਗੂਆਂ ਨੂੰ ਤਿਆਰੀ ਕਰਨ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਅੰਤ ਵਿੱਚ ਇਸ ਭਰਵੀਂ ਮੀਟਿੰਗ ਵਿੱਚ ਸ਼ਾਮਲ ਹੋਣ ਤੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ ਨੇ ਸਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲਾ ਮੀਤ ਪ੍ਰਧਾਨ ਬਗੀਚਾ ਸਿੰਘ, ਜ਼ਿਲਾ ਖ਼ਜ਼ਾਨਚੀ ਜਤਿੰਦਰ ਸਿੰਘ ਰਿੰਕੂ, ਜ਼ਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ, ਜ਼ਿਲਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ, ਜ਼ਿਲਾ ਕਮੇਟੀ ਮੈਂਬਰ ਪਰਵਿੰਦਰ ਕੌਰ, ਜ਼ਿਲਾ ਕਮੇਟੀ ਮੈਂਬਰ ਰਾਜਬੀਰ ਕੌਰ, ਬਲਾਕ ਗੁਰੂਹਰਸਹਾਏ 1 ਪ੍ਰਧਾਨ ਅਸ਼ੋਕ ਕੁਮਾਰ ਜੰਡਵਾਲਾ, ਗੁਰੂਹਰਸਹਾਏ 2 ਬਲਾਕ ਪ੍ਰਧਾਨ ਸੁਖਦੇਵ ਕੁਮਾਰ ਢੋਟ, ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ, ਜ਼ੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ, ਰਣਜੀਤ ਕੌਰ, ਜਸਵਿੰਦਰ ਕੌਰ, ਕੁਲਵੰਤ ਕੌਰ, ਚਰਨਜੀਤ ਕੌਰ, ਸਰਦੂਲ ਸਿੰਘ ਬਰਾੜ, ਸੁਰਜੀਤ ਸਿੰਘ ਬਰਾੜ, ਸੰਦੀਪ ਕੁਮਾਰ, ਗੁਰਪ੍ਰੀਤ ਸਿੰਘ, ਮੇਜਰ ਸਿੰਘ ਚੰਦੀ, ਬਲਕਾਰ ਸਿੰਘ ਹਕੇਵਾਲਾ, ਹਰਬੰਸ ਸਿੰਘ ਹਾਕੇ ਵਾਲਾ, ਗੁਰਮੀਤ ਸਿੰਘ ਸ਼ੇਵਾਲਾ, ਸੁਖਦੇਵ ਸਿੰਘ ਪਛੇਵਾਲਾ, ਭਜਨ ਸਿੰਘ, ਹਰਭਜਨ ਸਿੰਘ, ਪਿਆਰਾ ਸਿੰਘ, ਜਸਪਾਲ ਸਿੰਘ, ਦਵਿੰਦਰ ਸਿੰਘ, ਅਵਤਾਰ ਸਿੰਘ ਭੱਟੀਆਂ, ਬਖਸ਼ਿਸ਼ ਸਿੰਘ ਕਮਾਲੇਵਾਲਾ, ਅਮਰੀਕ ਸਿੰਘ, ਗੁਰਪੇਸ਼ ਸਿੰਘ, ਰਣਜੀਤ ਸਿੰਘ ਕੱਬਰਵੱਛਾ, ਸੇਵਾ ਸਿੰਘ, ਸੁਖਦੇਵ ਸਿੰਘ, ਰਵਿੰਦਰ ਸਿੰਘ, ਨਿਰਮਲ ਸਿੰਘ, ਹਮੀਰ ਸਿੰਘ, ਦਲਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਜੋਗਿੰਦਰ ਸਿੰਘ, ਇਕਬਾਲ ਸਿੰਘ, ਅਮਨਦੀਪ ਸਿੰਘ, ਸਤਨਾਮ ਸਿੰਘ, ਸੁਖਦੇਵ ਸਿੰਘ, ਦਰਸ਼ਨ ਸਿੰਘ, ਪ੍ਰੇਮ ਲਾਲ, ਅਸ਼ੋਕ ਸ਼ਾਮ ਸੁੰਦਰ, ਕੇਵਲ ਕ੍ਰਿਸ਼ਨ, ਪਿੱਪਲ ਸਿੰਘ, ਪ੍ਰੀਤਮ ਸਿੰਘ, ਸਤਨਾਮ ਚੰਦ, ਪੰਜਾਬ ਸਿੰਘ, ਬਲਵਿੰਦਰ ਕੁਮਾਰ, ਨਿਰੰਜਨ ਗੁਰਜੀਤ ਸਿੰਘ, ਰਘਵੀਰ ਸਿੰਘ, ਬਲਵਿੰਦਰ ਸਿੰਘ, ਬਲਜੀਤ ਸਿੰਘ, ਰਾਜਕੁਮਾਰ, ਗੁਰਚਰਨ ਸਿੰਘ ਨਾਜੂਸ਼ਾਹ ਵਾਲਾ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

**ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇ ਕੀ ਵਿਖੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਧੰਨ—ਧੰਨ ਪਿਆਰਾ ਸਿੰਘ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀ ਪੰਜਵੀਂ ਲੜੀ ਦੇ ਭੋਗ ਪਾਏ**







**ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :**— ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਧੰਨ—ਧੰਨ ਬਾਬਾ ਕੁੰਦਨ ਸਿੰਘ ਨਾਨਕਸਰ ਕਲੇਰਾਂ ਵਾਲੇ, ਧੰਨ—ਧੰਨ ਪਿਆਰਾ ਸਿੰਘ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀ ਪੰਜਵੀਂ ਲੜੀ ਦੇ ਭੋਗ ਪਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਸਹਿਜ ਪਾਠਾਂ ਦੀ ਪੰਜਵੀਂ ਲੜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇ ਕੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਕਥਾ ਕੀਰਤਨ ਕਰਦਿਆਂ ਆਖਿਆ ਕਿ ਸਾਨੂੰ ਵਹਿਮਾਂ ਭਰਮਾਂ ਤੋਂ ਉਪਰ ਉਠ ਕੇ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਧੰਨ—ਧੰਨ ਬਾਬਾ ਨੰਦ ਸਿੰਘ ਜੀ, ਧੰਨ—ਧੰਨ ਬਾਬਾ ਈਸ਼ਰ ਸਿੰਘ ਜੀ, ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਮਹਾਰਾਜ ਨੇ ਕਰੋੜਾਂ ਸੰਗਤਾਂ ਨੂੰ ਸਿੱਧੇ ਰਸਤੇ ਪਾ ਕੇ ਗੁਰੂ ਨਾਲ ਜੋੜਿਆ ਅਤੇ ਨਾਮ ਜਪਾਇਆ। ਬਾਬਾ ਜੀ ਨੇ ਅੱਗੇ ਕਿਹਾ ਕਿ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ (ਨਾਨਕਸਰ ਕਲੇਰਾਂ) ਧੰਨ—ਧੰਨ ਬਾਬਾ ਪਿਆਰਾ ਸਿੰਘ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਮੁੱਖ ਰੱਖਦਿਆਂ 13 ਜਨਵਰੀ 2025 (30 ਪੋਹ) ਦਿਨ ਸੋਮਵਾਰ ਤੋਂ ਆਰੰਭ ਹਨ, ਜਿਸ ਦੀ ਅੱਜ ਅਸੀਂ ਪੰਜਵੀਂ ਲੜੀ ਦੇ ਭੋਗ ਪਾ ਰਹੇ ਹਾਂ ਅਤੇ ਸਮਾਪਤੀ 23 ਫਰਵਰੀ 2025 (16 ਫੱਗਣ) ਦਿਨ ਐਤਵਾਰ ਨੂੰ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ 22 ਫਰਵਰੀ ਦਿਨ ਸ਼ਨੀਵਾਰ ਨੂੰ ਮਹਾਨ ਨਗਰ ਕੀਰਤਨ ਸਜਾਏ ਜਾਣਗੇ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਹ ਮਹਾਨ ਨਗਰ ਕੀਰਤਨ ਠਾਠ ਨਾਨਕਸਰ ਗੋਬਿੰਦ ਨਗਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ 8 ਵਜੇ ਆਰੰਭ ਹੋ ਕੇ ਪਿੰਡ ਗੋਬਿੰਦ ਨਗਰ, ਕੋਟ ਮੱਤਾ, ਬਾਲੇਵਾਲਾ, ਨਾਨਕਪੁਰਾ, ਬੁੰਗਾ, ਸੈਦੇ ਕੇ ਰਹੇਲਾ, ਢਾਣੀਆ, ਗਾਮੇਵਾਲਾ, ਸੈਦੇ ਕੇ ਰਹੇਲਾ, ਗੁਰਦੁਆਰਾ ਸ਼ਹੀਦਾਂ ਸਾਹਿਬ, ਧੀਰਾ ਪੱਤਰਾ, ਵਸਤੀ ਨੱਥੇ ਸ਼ਾਹ ਵਾਲੀ, ਭਾਵੜਾ ਆਜ਼ਮ ਸ਼ਾਹ, ਬਸਤੀ ਮਹਾਂ ਸਿੰਘ ਵਾਲੀ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬਾ, ਨਿੱਕੀ ਟਿੱਬੀ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਖਾਈ ਫੇਮੇਕੀ (ਦੋਨੋਂ ਗੁਰਦੁਆਰਾ ਸਾਹਿਬ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਫ਼ਿਰੋਜ਼ਪੁਰ ਵਿਖੇ ਸਮਾਪਤੀ ਦੀ ਅਰਦਾਸ ਹੋਵੇਗੀ। ਬਾਬਾ ਜੀ ਨੇ ਸਮੂਹ ਇਲਾਕ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ 22 ਫਰਵਰੀ ਨਗਰ ਕੀਰਤਨ ਅਤੇ 23 ਨੂੰ ਮਹਾਨ ਗੁਰਮਤਿ ਸਮਾਗਮਾਂ ਵਿਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਭਾਈ ਬੂਟਾ ਸਿੰਘ, ਭਾਈ ਜ਼ਸਵੰਤ ਸਿੰਘ ਜੱਗਾ ਹੈਡ ਗ੍ਰੰਥੀ, ਬਾਬਾ ਚਰਨ ਸਿੰਘ ਚੰਨੀ ਨਾਨਕਸਰ ਕਲੇਰਾਂ, ਭੁੱਲਰ ਬ੍ਰਦਰਜ਼ ਆਦਿ ਤੋਂ ਇਲਾਵਾ ਸੰਗਤਾਂ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਵਿਗੜੀ, ਵਿਗੜ ਰਹੀ ਤੇ ਵਿਗੜਣ ਦੇ ਜ਼ੁੰਮੇਵਾਰ ਕੋਈ ਹੋਰ ਨਹੀਂ ਅਸੀਂ ਖੁਦ : ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 16 ਫਰਵਰੀ (ਮਨੋਹਰ ਲਾਲ) :**—ਕਹਾਵਤ ਜਥਾ ਰਾਜਾ ਤਥਾ ਪ੍ਰਜਾ ਪਰ ਅੱਜ ਇਹ ਸਭ ਕੁਝ ਬਦਲ ਜਥਾ ਪ੍ਰਜਾ ਤਥਾ ਰਾਜਾ ਜਿਥੇ—ਜਿਥੇ ਵੀ ਸਰਕਾਰਾਂ ਬਦਲੀਆਂ, ਬਦਲ ਰਹੀਆਂ ਤੇ ਬਦਲਣਗੀਆਂ ਉਥੇ ਇਹੀ ਨਜ਼ਰ ਆਇਆ ਆ ਰਿਹਾ ਤੇ ਆਉਣ ਦੀ ਉਮੀਦ ਹੈ। ਮੁਫਤ, ਮੁਫਤ, ਮੁਫਤ ਹਰ ਰਾਜਨੀਤਕ ਪਾਰਟੀ ਆਪਣੇ—ਆਪਣੇ ਮੈਨੀਫੈਸਟੋ ਵਿਚ ਜਿਆਦਾ ਤੋਂ ਜਿਆਦਾ ਮੁਫਤ, ਮੁਫਤ, ਮੁਫਤ ਦਿੱਤੇ ਜਾ ਰਹੇ ਹਨ ਤੇ ਦਿੱਤੇ ਜਾਣ ਦੇ ਵਾਇਦੇ ਜਿਨ੍ਹਾਂ ਕੋਲੋਂ ਰਾਜ ਖੁਸਿਆ ਜਿਨ੍ਹਾਂ ਕੋਲ ਹੈ, ਉਹ ਦੋਵੇਂ ਜਨਤਾ ਨੂੰ ਮੰਗਤੇ, ਨਸ਼ਈ, ਚੋਰ, ਉਚੱਕੇ, ਲੂਟੋ ਲੁਟ ਪੜੀ ਲੂਟ ਸਕੇ ਤੋਂ ਲੂਟ ਰਾਜ ਵਿਚ ਅਰਾਜਕਤਾ, ਗੁੰਡਾਗਰਦੀ, ਧਰਮ, ਜਾਤ—ਪਾਤ, ਊਚ—ਨੀਚ, ਇਲਾਕਾਈ ਭਾਸ਼ਾਈ ਝਗੜੇ ਕਰਨ, ਕਰਵਾਉਣ ਤੇ ਸਰਕਾਰੀ ਮਸ਼ੀਨਰੀ ਦਾ ਦੁਰਪ੍ਰਯੋਗ ਕਰ ਜਨਤਾ ਦੀ ਆਵਾਜ਼ ਬੁਲੰਦ ਕਰਨ ਵਾਲਾ ਕੋਈ ਨਹੀਂ ਹਰ ਪਾਸੇ ਪਾੜੋ ਰਾਜ ਕਰੋ ਇਕ ਪਾਰਟੀ ਰੂਲ ਜਨਤਾ ਨੂੰ ਬੇਵਕੂਫ ਬਨਾ ਰੋਟੀ ਰੋਜੀ ਕਮਾਉਣ ਲਈ ਰੋਜ਼ ਸਾਰਦੇ ਨਦੀ ਬਜਾਏ ਮੁਫਤ ਮੁਫਤ ਦੇ ਨਪੁੰਸਕ ਬਣਾ ਪੰਜਾਬੀਆਂ ਨੂੰ ਦੁਨੀਆਂ ਦੇ ਸਭ ਤੋਂ ਅਵੱਲ ਨਸ਼ਿਆਂ ਦੇ ਵਿਉਪਾਰਾਂ, ਮਾਫੀਆ, ਖਾਣ, ਵੇਚਣ ਤੇ ਪਰੈਲਿਲ ਸਰਕਾਰਾਂ ਜ਼ੋ ਅੱਜ ਨਹੀਂ ਤਾਂ ਕੱਲ, ਕਲ ਨਹੀਂ ਤਾਂ ਪਰਸੋਂ ਪੰਜਾਬ ਬਰਬਾਦ ਜਨਤਾ ਜ਼ੁੰਮੇਵਾਰ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਕੀ ਤੀਰਥ ਯਾਤਰਾ ਪਾਖੰਡ ਤੇ

# ਤੀਰਥਾਂ 'ਤੇ ਸਾਰੇ ਸਾਧੂ ਪਾਖੰਡੀ ਹਨ... ?



**ਤੀਸਰੇ** ਪਾਤਸ਼ਾਹ ਧੰਨ ਸ੍ਰੀ ਗੁਰੂ ਅਮਰਦਾਸ ਜੀ ਮਹਾਰਾਜ ਗੁਰੂ ਬਣਨ ਤੋਂ ਪਹਿਲਾਂ ਲਗਾਤਾਰ 21 ਵਰ੍ਹੇ ਬਾਸਰਕੇ ਤੋਂ ਹਰਿਦੁਆਰ ਯਾਤਰਾ ਤੇ ਗਏ,ਜਿਥੇ ਪਾਤਸ਼ਾਹ ਜੀ ਨੇ ਇਕ ਸਾਧੂ ਨੂੰ ਭੋਜਨ ਛਕਾਇਆ ।

ਮਹਾਤਮਾ ਬਹੁਤ ਪ੍ਰਸੰਨ ਹੋਏ ਕਹਿਣ ਲੱਗੇ ਆਪ ਜੀ ਦਾ ਗੁਰੂ ਕੌਣ ਹੈ... ?

ਬਾਬਾ ਅਮਰਦਾਸ ਜੀ ਕਹਿਣ ਲੱਗੇ ਗੁਰੂ ਬਾਰੇ ਮੈਨੂੰ ਸੋਝੀ ਨਹੀ,ਤੇ ਨਾ ਕਿਸੇ ਨੂੰ ਗੁਰੂ ਧਾਰਿਆ...ਸਾਧੂ ਬਹੁਤ ਨਰਾਜ ਹੋਇਆ, ਗੁੱਸੇ ਵਿਚ ਕਹਿਣ ਲੱਗਾ ਕਹਿੰਦਾ ਮੇਰਾ ਤੇ ਜੀਵਨ ਬਰਬਾਦ ਹੋ ਗਿਆ ਮੈਂ ਇਕ ਨਿਗੁਰੇ ਹੱਥੋਂ ਪ੍ਰਸ਼ਾਦਾ ਛਕਿਆ ।



ਬਾਬਾ ਅਮਰਦਾਸ ਜੀ ਦੇ ਮਨ ਤੇ ਬਹੁਤ ਪ੍ਰਭਾਵ ਪਿਆ,ਕਹਿਣ ਲੱਗੇ ਜੇਕਰ ਸੱਚੇ ਗੁਰੂ ਨੂੰ ਧਾਰਨ ਕਰਕੇ ਹੀ ਜੀਵਨ ਸਫਲ ਹੁੰਦਾ ਤਾਂ ਅਸੀ ਐਵੇਂ ਹੀ ਜਿੰਦਗੀ ਵਿਅਰਥ ਗਵਾਈ...ਧੰਨ ਗੁਰੂ ਅੰਗਦ ਦੇਵ ਪਾਤਸ਼ਾਹ ਜੀ ਨੂੰ ਗੁਰੂ ਧਾਰਨ ਕੀਤਾ ਅਤੇ ਬਹੁਤ ਸੇਵਾ ਘਾਲਣਾ ਕਮਾਈ ਕੀਤੀ।

ਗੁਰਤਾਗੱਦੀ ਤੇ ਬਿਰਾਜਮਾਨ ਹੋਣ ਤੋਂ ਬਾਅਦ ਵਿਚ ਮਹਾਰਾਜ ਦੁਬਾਰਾ ਹਰਿਦੁਆਰ ਗਏ,ਜਿਥੇ ਪਾਤਸ਼ਾਹ ਜੀ ਨੇ ਸਤੀ ਪ੍ਰਥਾ ਦੀ ਰਸਮ ਬੰਦ ਕਰਵਾਈ,ਕਨਖਲ ਵਿਖੇ ਪਾਤਸ਼ਾਹ ਜੀ ਦੀ ਯਾਦ ਵਿਚ ਗੁਰਦੁਆਰਾ ਸਤੀਘਾਟ ਮੌਜੂਦ ਹੈ । ਜਿਸ ਅਸਥਾਨ ਨੂੰ ਭਾਈ ਮਨੀ ਸਿੰਘ ਜੀ ਦੇ ਭਤੀਜੇ ਭਾਈ ਨਗਾਹੀਆ ਸਿੰਘ ਵਲੋਂ ਬਣਵਾਇਆ ਗਿਆ ਜੋ ਉਦਾਸੀ ਸਾਧੂ ਸਨ । ਬਾਬਾ ਹਰਨਾਮ ਸਿੰਘ ਜੀ ਦੇ ਕੁੰਭ ਇਸ਼ਨਾਨ ਤੋਂ ਬਾਅਦ ਚੱਲਦੀਆਂ ਚਰਚਾਵਾਂ ਚੋਂ ਮੈਂ ਜਦੋਂ ਉਨ੍ਹਾਂ ਕੱਚਘਰੜ ਬੰਦਿਆਂ ਨੂੰ ਵੇਖਦਾ ਜੋ ਸਨਾਤਨੀ ਸਾਧੂਆਂ ਨੂੰ ਪਾਖੰਡੀ ਤੇ ਤੀਰਥਾਂ ਨੂੰ ਦਿਨ ਰਾਤ ਪਾਖੰਡ ਸਿੱਧ ਕਰ ਰਹੇ ਹਨ,ਕੀ ਇਹ ਕਿਸੇ ਪਾਸਿਓਂ ਵੀ ਧਾਰਮਿਕ ਕਹਾਉਣ ਦੇ ਹੱਕਦਾਰ ਹਨ... ?

ਭਲਿਓ ਜੇਕਰ ਸਾਰੇ ਸਨਾਤਨੀ ਸਾਧੂ ਪਾਖੰਡੀ ਹਨ ਤਾਂ ਫਿਰ "ਭਗਤ ਰਾਮਾਨੰਦ ਜੀ" ਵਰਗੇ ਬ੍ਰਹੰਮਗਿਆਨੀ ਸੰਤ ਜਿੰਨਾ ਦੀ ਪਾਵਨ ਬਾਣੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ,ਉਨ੍ਹਾਂ ਨੂੰ ਕਿਹੜਾ ਸਰਟੀਫਿਕੇਟ ਜਾਰੀ ਕਰੋਗੇ... ?

ਪੰਚਮ ਪਾਤਸ਼ਾਹ ਜੀ ਦੀ ਪਾਵਨ ਗੁਰਬਾਣੀ "ਰਾਮਕਲੀ ਮਹਲਾ 5" ਦੇ ਕੀ ਅਰਥ ਕਰੋਗੇ.... ?

**ਕੋਈ ਬੋਲੈ ਰਾਮ ਰਾਮ ਕੋਈ ਖੁਦਾਇ ॥**

**ਕੋਈ ਸੇਵੈ ਗੁਸਈਆ ਕੋਈ ਅਲਾਹਿ ॥1॥**

ਕਾਰਣ ਕਰਣ ਕਰੀਮ ॥ ਕਿਰਪਾ ਧਾਰਿ ਰਹੀਮ ॥1॥ ਰਹਾਉ ॥ ਕੋਈ ਨਾਵੈ ਤੀਰਥਿ ਕੋਈ ਹਜ ਜਾਇ ॥ ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ ॥2॥ ਕੋਈ ਪੜੈ ਬੇਦ ਕੋਈ ਕਤੇਬ ॥ ਕੋਈ ਓਢੈ ਨੀਲ ਕੋਈ ਸੁਪੇਦ ॥3॥ ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ ॥ ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ ॥4॥ ਕਹੁ ਨਾਨਕ ਜਿਨਿ ਹੁਕਮੁ ਪਛਾਤਾ ॥ ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ ॥5॥9॥

ਆਵਾਜ਼ਿ ਕੌਮ AWAZE QAUM International Newspaper & WEB TV

ਜਰਾ ਸੋਚੋ ਬਾਬਾ ਅਮਰਦਾਸ ਜੀ ਨੂੰ ਗੁਰੂ ਦਾ ਮਹਤਵ ਦਰਸਾਉਣ ਵਾਲੇ ਸਾਧੂ ਨੂੰ ਕਿਹੜੇ ਸ਼ਬਦਾਂ ਨਾਲ ਸਤਿਕਾਰ ਦਿਉਗੇ...ਮੈਂ ਨਹੀ ਕਹਿੰਦਾ ਕਿ ਮੇਰੀ ਸਮਝ ਅਖੀਰੀ ਹੈ,ਪਰ ਜੇਕਰ ਆਪਾਂ ਧਰਮੀ ਹਾਂ ਤਾਂ ਹਰੇਕ ਧਰਮ ਦਾ ਸਤਿਕਾਰ ਕਰਨਾ ਸਾਡਾ ਪਹਿਲਾ ਫਰਜ਼ ਹੋਣਾ ਚਾਹੀਦਾ ਹੈ।

**-ਸ਼ਮਸ਼ੇਰ ਸਿੰਘ ਜੇਠੂਵਾਲ**

### ਲਾਲ ਚੰਦ ਕਟਾਰੂਚੱਕ ਨੇ ਮਮੂਨ ਤੋਂ ਮਾਧੋਪੁਰ ਡਿਫੈਂਸ ਸੜਕ ਦੇ

# ਮਜ਼ਬੂਤੀਕਰਨ ਤੇ ਚੌੜਾਈਕਰਨ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ

**ਪਠਾਨਕੋਟ, 16 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਇਲਾਕੇ ਦੇ ਲੋਕਾਂ ਦੀ ਲੰਮੇ ਸਮੇਂ ਤੋਂ ਚਲੀ ਆ ਰਹੀ ਮੰਗ ਪੂਰੀ ਕਰਦਿਆਂ ਮਮੂਨ ਤੋਂ ਮਾਧੋਪੁਰ ਤੱਕ ਡਿਫੈਂਸ ਸੜਕ ਨੂੰ ਚੌੜਾ ਤੇ ਮਜ਼ਬੂਤ ਕਰਨ ਦੇ ਪ੍ਰਾਜੈਕਟ ਦਾ ਨੀਂਹ ਪੱਥਰ ਰੱਖਿਆ। ਨੀਂਹ ਪੱਥਰ ਰੱਖਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਕਰੀਬ 16 ਕਿਲੋਮੀਟਰ ਲੰਮੀ ਇਹ ਸੜਕ 10 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ ਰਿਕਾਰਡ ਸਮੇਂ ਵਿੱਚ ਤਿਆਰ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸੜਕ ਦੀ ਚੌੜਾਈ ਪਹਿਲਾਂ 23 ਫੁੱਟ ਸੀ ਜਿਸ ਨੂੰ ਹੁਣ ਵਧਾ ਕੇ 33 ਫੁੱਟ ਕੀਤਾ ਜਾਵੇਗਾ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਇਸ ਪ੍ਰਾਜੈਕਟ ਦੀ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਵਾਸੀਆਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਹਰ ਖੇਤਰ ਵਿੱਚ ਵੱਡੇ ਪ੍ਰਾਜੈਕਟ ਉਲੀਕੇ ਗਏ ਹਨ। ਉਨ੍ਹਾਂ ਕਿਹਾ ਕਿ ਮਮੂਨ ਤੋਂ ਮਾਧੋਪੁਰ ਡਿਫੈਂਸ ਰੋਡ 'ਤੇ ਆਵਾਜਾਈ ਵਧੇਰੇ ਹੋਣ ਕਰਕੇ ਇਥੇ ਭਿਆਨਕ ਹਾਦਸੇ ਵਾਪਰ ਰਹੇ ਸਨ ਅਤੇ ਕਈ ਕੀਮਤੀ ਜਾਨਾਂ ਚਲੀਆਂ ਗਈਆਂ ਜਿਸ ਕਾਰਨ ਇਸ ਸੜਕ ਨੂੰ ਚੌੜਾ ਅਤੇ ਮਜ਼ਬੂਤ ਕਰਨ ਦੀ ਮੰਗ ਉਠ ਰਹੀ ਸੀ। ਅੱਜ 10 ਕਰੋੜ 9 ਲੱਖ ਰੁਪਏ ਦੀ ਲਾਗਤ ਨਾਲ 16 ਕਿਲੋਮੀਟਰ ਲੰਮੀ ਇਸ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ ਹੈ ਜਿਸ ਨੂੰ 23 ਫੁੱਟ ਦੀ ਥਾਂ ਹੁਣ 33 ਫੁੱਟ ਚੌੜਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਤੋਂ ਇਲਾਵਾ ਮਮੂਨ ਕੈਂਟ ਜਿੱਥੇ ਸਾਡੀ ਆਰਮੀ ਮੌਜੂਦ ਹੈ, ਉਸ ਨੂੰ ਵੀ ਵੱਡੀ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਪਠਾਨਕੋਟ ਜ਼ਿਲ੍ਹੇ ਵਿੱਚ ਇਹ ਸੜਕ ਸਭ ਤੋਂ ਚੌੜੀ ਹੋਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸੜਕ ਦਾ ਕੰਮ ਰਿਕਾਰਡ ਸਮੇਂ ਵਿੱਚ ਅਤੇ ਬੜੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਅਤੇ ਸੜਕ ਠੇਕੇਦਾਰ ਨੂੰ ਵੀ ਹਦਾਇਤ ਕੀਤੀ ਕਿ ਲੋਕਾਂ ਦੇ ਟੈਕਸਾਂ ਦਾ ਪੈਸਾ ਮੁਕੰਮਲ ਤੌਰ 'ਤੇ ਲੋਕਾਂ ਲਈ ਹੀ ਖਰਚਿਆ ਜਾਵੇ ਅਤੇ ਇਸ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਤੇ ਮਾਮੂਣ ਚੌਂਕ ਦੇ ਦੁਕਾਨਦਾਰਾਂ ਨੇ ਚੌਂਕ ਨਜ਼ਦੀਕ ਇੱਕ ਪਬਲਿਕ ਟਾਇਲਟ ਬਣਾਉਣ ਦੀ ਮੰਗ ਰੱਖੀ ਜਿਸਦੇ ਸਹਿਮਤੀ ਜਤਾਦਿਆਂ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕੀ ਉਹਨਾਂ ਦੀ ਇਸ ਮੰਗ ਨੂੰ ਜਲਦੀ ਪੂਰਾ ਕੀਤਾ ਜਾਵੇਗਾ ਇਸ ਮੌਕੇ ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਪਰੇਟ ਬੈਂਕ, ਸਾਹਿਬ ਸਿੰਘ ਸਾਬਾ ਆਮ ਆਦਮੀ ਪਾਰਟੀ ਲੀਡਰ, ਭਾਨੂੰ ਠਾਕੁਰ ਆਮ ਆਦਮੀ ਪਾਰਟੀ ਲੀਡਰ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਐਡਵੋਕੇਟ ਰਮੇਸ਼ ਕੁਮਾਰ, ਐਕਸੀਅਨ ਲੋਕ ਨਿਰਮਾਣ ਵਿਭਾਗ, ਕਮਲ ਨਾਇਨ, ਐਸ.ਡੀ.ਓ ਰੋਹਿਨ ਸੈਣੀ, ਜੇ.ਈ ਦੀਪਕ ਕੁਮਾਰ, ਮਨਦੀਪ, ਅਮਬਿਤ ਜੇਈ, ਵਪਾਰ ਮੰਡਲ ਮਮੂਨ ਕੈਂਟ ਪ੍ਰਧਾਨ ਸੰਜੀਵ ਮਹਾਜਨ, ਸਰਪ੍ਰਸਤ ਕਰਨੈਲ ਚੰਦ, ਪੀ.ਆਰ.ਓ ਮਨਦੀਪ ਗਿੱਲ, ਉਪ ਪ੍ਰਧਾਨ ਸੁਮਿਤ ਮਹਾਜਨ, ਸੀਨੀਅਰ ਉਪ ਪ੍ਰਧਾਨ ਹਰੀ ਸਿੰਘ, ਹਰੀਸ਼ ਚੰਦੇਲ ਅਤੇ ਹੋਰ ਵਪਾਰ ਮੰਡਲ ਮਮੂਨ ਦੇ ਅਹੁਦੇਦਾਰ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ 'ਚ ਇੰਚਾਰਜ ਤੋਂ ਬਾਅਦ ਹੁਣ ਕਾਂਗਰਸ ਪ੍ਰਧਾਨ ਨੂੰ ਬਦਲਣ ਦੀ ਤਿਆਰੀ



**ਨਵੀਂ ਦਿੱਲੀ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਪਾਰਟੀ ਨੇ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਅਤੇ ਸੀਨੀਅਰ ਕਾਂਗਰਸੀ ਨੇਤਾ ਭੁਪੇਸ਼ ਬਘੇਲ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਨਿਯੁਕਤ ਕੀਤਾ ਹੈ। ਸ਼ਕੀਲ ਅਹਿਮਦ ਅਤੇ ਹਰੀਸ਼ ਰਾਵਤ ਤੋਂ ਬਾਅਦ, ਭੁਪੇਸ਼ ਬਘੇਲ ਤੀਜੇ ਨੇਤਾ ਹਨ ਜੋ ਬਹੁਤ ਸੀਨੀਅਰ ਹਨ। ਇਹ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਇਨ੍ਹੀਂ ਦਿਨੀਂ ਪੰਜਾਬ ਦੇ ਸਾਰੇ ਆਗੂ ਜੋ ਕਾਂਗਰਸ ਦੇ ਸੂਬਾ ਪ੍ਰਧਾਨ ਬਣਨ ਦੇ ਸੁਪਨੇ ਦੇਖ ਰਹੇ ਹਨ, ਬਹੁਤ ਸੀਨੀਅਰ ਹਨ। ਅਜਿਹੀ ਸਥਿਤੀ ਵਿੱਚ, ਰਾਜ ਦਾ ਚਾਰਜ ਕਿਸੇ ਜੂਨੀਅਰ ਨੇਤਾ ਨੂੰ ਸੌਂਪਣ ਨਾਲ ਤਾਲਮੇਲ ਵਿੱਚ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਮਿਲੀ ਜਾਣਕਾਰੀ ਮੁਤਾਬਿਕ ਕਾਂਗਰਸ ਪ੍ਰਧਾਨ, ਕਾਰਜਕਾਰੀ ਪ੍ਰਧਾਨ ਜਨਰਲ ਸਕੱਤਰ ਅਹੁਦੇ ਦੀ ਨਵੀਂ ਚੋਣ ਵੀ ਹੋਵੇਗੀ। ਚਰਨਜੀਤ ਚੰਨੀ , ਪ੍ਰਤਾਪ ਬਾਜਵਾ , ਭਾਰਤ ਭੂਸ਼ਣ ਆਸ਼ੂ , ਰਾਣਾ ਗੁਰਜੀਤ ਪਰਗਟ ਸਿੰਘ ਪ੍ਰਧਾਨ ਦੀ ਰੇਸ 'ਚ ਅੱਗੇ ਹਨ। ਹਾਲਾਂਕਿ ਨਵਜੋਤ ਸਿੰਘ ਸਿੱਧੂ ਰੇਸ ਚੋਂ ਬਾਹਰ ਹਨ। ਮੌਜੂਦਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਇੱਕ ਨੌਜਵਾਨ ਮੁਖੀ ਹਨ ਅਤੇ ਉਨ੍ਹਾਂ ਦੀ ਅਗਵਾਈ ਵਿੱਚ ਪਾਰਟੀ ਨੇ ਨਾ ਸਿਰਫ਼ ਲੋਕ ਸਭਾ ਚੋਣਾਂ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਬਲਕਿ ਉਨ੍ਹਾਂ ਨੇ ਖੁਦ ਆਪਣੇ ਵਿਧਾਇਕ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਅਤੇ ਲੁਧਿਆਣਾ ਜ਼ਿਲ੍ਹੇ ਤੋਂ ਲੋਕ ਸਭਾ ਚੋਣਾਂ ਲੜੀਆਂ ਅਤੇ ਰਵਨੀਤ ਬਿੱਟੂ ਵਰਗੇ ਭਾਜਪਾ ਉਮੀਦਵਾਰ ਨੂੰ ਹਰਾਇਆ। ਹਾਲਾਂਕਿ, ਉਹ ਬਾਅਦ ਵਿੱਚ ਹੋਈ ਵਿਧਾਨ ਸਭਾ ਉਪ ਚੋਣ ਵਿੱਚ ਆਪਣੀ ਪਤਨੀ ਦੀ ਸੀਟ ਵੀ ਨਹੀਂ ਜਿੱਤ ਸਕੇ। ਨਗਰ ਨਿਗਮ ਚੋਣਾਂ ਵਿੱਚ ਵੀ ਪਾਰਟੀ ਦਾ ਪ੍ਰਦਰਸ਼ਨ ਚੰਗਾ ਰਿਹਾ। ਖਾਸ ਕਰਕੇ ਅੰਮ੍ਰਿਤਸਰ ਅਤੇ ਫਗਵਾੜਾ ਵਿੱਚ, ਭਾਵੇਂ ਪਾਰਟੀ ਸਰਕਾਰੀ ਦਬਾਅ ਕਾਰਨ ਇਨ੍ਹਾਂ ਦੋਵਾਂ ਨਗਰ ਨਿਗਮਾਂ ਵਿੱਚ ਆਪਣਾ ਮੇਅਰ ਨਹੀਂ ਬਣਾ ਸਕੀ, ਪਰ ਅੱਜ ਵੀ ਇਸ ਕੋਲ ਸੱਤਾਧਾਰੀ ਪਾਰਟੀ ਨਾਲੋਂ ਕੌਂਸਲਰਾਂ ਦੀ ਗਿਣਤੀ ਵੱਧ ਹੈ। ਅਜਿਹੀ ਸਥਿਤੀ ਵਿੱਚ, ਕਾਂਗਰਸ ਕਿਸ 'ਤੇ ਦਾਅ ਲਗਾਏਗੀ ? ਖੈਰ ਹੁਣ ਕਿਸੇ ਵੀ ਸਮੇਂ ਇਸ ਸਬੰਧੀ ਲਿਸਟ ਆ ਸਕਦੀ ਹੈ। ਵਿਧਾਨ ਸਭਾ ਚੋਣਾਂ ਦੇ ਮੱਦੇ ਨਜ਼ਰ ਕਾਂਗਰਸ ਦਲਿਤ ਕਾਰਡ ਖੇਡ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿਓ ਨੇ ਪੁੱਤ ਨੂੰ ਗੋਲੀ ਮਾਰ ਕੇ ਉਤਾਰਿਆ ਮੌਤ ਦੇ ਘਾਟ



**ਬਠਿੰਡਾ, 16 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿੱਚ ਇੱਕ ਵਾਰ ਮੁੜ ਘਰੇਲੂ ਝਗੜੇ ਕਾਰਨ ਖੂਨ ਦੇ ਰਿਸ਼ਤੇ ਤਾਰ-ਤਾਰ ਹੋ ਗਏ, ਜਦੋਂ ਪਿੰਡ ਰੁਲਦੂ ਸਿੰਘ ਵਾਲਾ ਵਿੱਚ ਇੱਕ ਪਿਓ ਨੇ ਆਪਣੇ ਜਵਾਨ ਪੁੱਤ ਨੂੰ ਗੋਲੀ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ। ਘਟਨਾ ਪਿੱਛੇ ਘਰੇਲੂ ਝਗੜੇ ਨੂੰ ਕਾਰਨ ਦੱਸਿਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸੰਗਤ ਦੇ ਐਸਐਚਓ ਪਰਮ ਪਾਰਸ ਸਿੰਘ ਚਾਹਲ ਨੇ ਦੱਸਿਆ ਹੈ ਕਿ ਸਾਨੂੰ ਸੂਚਨਾ ਪ੍ਰਾਪਤ ਹੋਈ ਸੀ। ਇਸ ਘਟਨਾ ਦੀ ਮੌਕੇ 'ਤੇ ਜਾ ਕੇ ਦੇਖਿਆ ਤਾਂ ਪਿਉ ਨੇ ਆਪਣੇ ਪੁੱਤ ਨੂੰ 12 ਬੋਰ ਦੀ ਬੰਦੂਕ ਨਾਲ ਮਾਰਿਆ ਹੈ, ਜਿਸ ਨੂੰ ਬਠਿੰਡਾ ਦੇ ਨਿਜੀ ਹਸਪਤਾਲ ਵਿਖੇ ਦਾਖਲ ਕਰਾਇਆ ਅਤੇ ਉਸਦੀ ਮੌਤ ਹੋ ਗਈ ਸਾਡੇ ਵੱਲੋਂ ਵੱਖ-ਵੱਖ ਧਾਰਾ ਤਹਿਤ ਮਾਮਲਾ ਦਰਜ ਕਰ ਜਾਂਚ ਪੜਤਾਲ ਸ਼ੁਰੂ ਕੀਤੀ ਜਾ ਰਹੀ ਹੈ । ਉਨ੍ਹਾਂ ਦੱਸਿਆ ਕਿ ਮ੍ਰਿਤਕ ਦਾ ਨਾਮ ਅਰਸ਼ਦੀਪ ਪੁੱਤਰ ਸੁਖਵਿੰਦਰ ਸਿੰਘ ਉਮਰ 35 ਸਾਲ ਦੇ ਕਰੀਬ ਦੱਸੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਲਾਲ ਚੰਦ ਕਟਾਰੂਚੱਕ ਦੀ ਹਾਜ਼ਰੀ ਵਿੱਚ ਦੋ ਪੰਚਾਇਤਾਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈਆਂ

**☛ ਕੈਬਨਿਟ ਮੰਤਰੀ ਨੇ ਦੋਨਾਂ ਪਿੰਡਾਂ ਦੀਆਂ ਪੰਚਾਇਤਾਂ ਦਾ ਆਮ ਆਦਮੀ ਪਾਰਟੀ ਵਿੱਚ ਕੀਤਾ ਸਵਾਗਤ ☛ ਕਿਹਾ, ਪਾਰਟੀ 'ਚ ਦਿਆਂਗੇ ਪੂਰਾ ਮਾਣ-ਸਤਿਕਾਰ**



**ਪਠਾਨਕੋਟ, 16 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਦੀ ਹਾਜ਼ਰੀ ਵਿੱਚ ਅੱਜ ਵਿਧਾਨ ਸਭਾ ਹਲਕਾ ਭੋਆ ਦੀਆਂ ਦੋ ਪੰਚਾਇਤਾਂ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈਆਂ। ਬਲਾਕ ਬਾਮਿਆਲ ਦੇ ਪਿੰਡ ਭਾਖੜੀ ਅਤੇ ਸਮਰਾਲਾ ਦੀਆਂ ਪੰਚਾਇਤਾਂ ਦਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਇਲਾਕਿਆਂ ਵਿੱਚ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਵਿਧਾਨ ਸਭਾ ਹਲਕਾ ਭੋਆ ਦੀਆਂ ਦੋ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਂ ਨੇ ਕਾਂਗਰਸ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਲੜ ਫੜਿਆ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਣ 'ਤੇ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਬਿਨਾਂ ਕਿਸੇ ਬਦਲਾਖੋਰੀ ਦੀ ਭਾਵਨਾ ਤੋਂ ਪਿੰਡਾਂ ਦਾ ਵਿਕਾਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਹੀ 48 ਪੰਚਾਇਤਾਂ ਨੂੰ ਕਰੀਬ 2.5 ਕਰੋੜ ਰੁਪਏ ਵਿਕਾਸ ਕਾਰਜਾਂ ਲਈ ਜਾਰੀ ਕੀਤੇ ਗਏ ਹਨ। ਇਸੇ ਦੌਰਾਨ ਦੋਹਾਂ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਂ ਨੇ ਕਿਹਾ ਕਿ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਦੀਆਂ ਨੀਤੀਆਂ ਤੋਂ ਬਹੁਤ ਪ੍ਰਭਾਵਿਤ ਹਨ। ਇਸੇ ਲਈ ਉਨ੍ਹਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਉਨ੍ਹਾਂ ਨੇ ਆਪਣੇ ਪਿੰਡਾਂ ਦੀਆਂ ਸਮੱਸਿਆਵਾਂ ਬਾਰੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਸੀ ਅਤੇ ਇਨ੍ਹਾਂ ਸਮੱਸਿਆਵਾਂ ਨੂੰ ਕੈਬਨਿਟ ਮੰਤਰੀ ਨੇ ਤੁਰੰਤ ਹੱਲ ਕਰਵਾ ਦਿੱਤਾ ਜਿਸ ਤੋਂ ਉਹ ਬਹੁਤ ਪ੍ਰਭਾਵਿਤ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV